

ਸਾਹਿਬ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਜੋਤੀ ਜੋਤ ਦਿਵਸ 'ਤੇ ਵਿਸ਼ੇਸ਼ (ਪੰਨਾ 13 'ਤੇ)

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

www.awazeqaumtv.com

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਸੋਮਵਾਰ, 25 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਪ੍ਰਧਾਨ ਮੰਤਰੀ ਮੋਦੀ ਦੀ ਡਿਗਰੀ ਬਾਰੇ ਨਹੀਂ ਹੋਵੇਗਾ ਖੁਲਾਸਾ ! ਦਿੱਲੀ ਹਾਈਕੋਰਟ ਨੇ ਕੇਂਦਰੀ ਸੂਚਨਾ ਕਮਿਸ਼ਨ ਦੇ ਹੁਕਮਾਂ ਨੂੰ ਕੀਤਾ ਰੱਦ

**ਨਵੀਂ ਦਿੱਲੀ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਹਾਈ ਕੋਰਟ ਨੇ ਕੇਂਦਰੀ ਸੂਚਨਾ ਕਮਿਸ਼ਨ (CIC) ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਗ੍ਰੈਜੂਏਸ਼ਨ ਡਿਗਰੀ ਨਾਲ ਸਬੰਧਤ ਜਾਣਕਾਰੀ ਦਾ ਖੁਲਾਸਾ ਕਰਨ ਦੇ ਹੁਕਮ ਨੂੰ ਰੱਦ ਕਰ ਦਿੱਤਾ ਹੈ। ਦਿੱਲੀ ਯੂਨੀਵਰਸਿਟੀ ਨੇ ਕੇਂਦਰੀ ਸੂਚਨਾ ਕਮਿਸ਼ਨ ਦੇ ਹੁਕਮ ਨੂੰ ਚੁਣੌਤੀ ਦਿੱਤੀ ਸੀ। 2016 ਵਿੱਚ ਦਾਇਰ ਇੱਕ ਆਰਟੀਆਈ ਪਟੀਸ਼ਨ ਦੇ ਆਧਾਰ 'ਤੇ ਸੀਆਈਸੀ ਨੇ ਦਿੱਲੀ ਯੂਨੀਵਰਸਿਟੀ ਨੂੰ ਪ੍ਰਧਾਨ ਮੰਤਰੀ ਮੋਦੀ ਦੀ ਗ੍ਰੈਜੂਏਸ਼ਨ ਡਿਗਰੀ ਨਾਲ ਸਬੰਧਤ ਜਾਣਕਾਰੀ ਦਾ ਖੁਲਾਸਾ ਕਰਨ ਦੇ ਨਿਰਦੇਸ਼ ਦਿੱਤੇ ਸਨ। 2016 ਵਿੱਚ, ਕੇਂਦਰੀ ਸੂਚਨਾ ਕਮਿਸ਼ਨ ਨੇ 1978 ਵਿੱਚ ਬੀਏ ਪ੍ਰੀਖਿਆ ਪਾਸ ਕਰਨ ਵਾਲੇ ਸਾਰੇ ਵਿਦਿਆਰਥੀਆਂ ਦੇ ਰਿਕਾਰਡਾਂ ਦੀ ਜਾਂਚ ਦੀ ਇਜਾਜ਼ਤ ਦਿੱਤੀ, ਜਿਸ ਨੂੰ ਉਸ ਸਮੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਨਜ਼ੂਰੀ ਦੇ ਦਿੱਤੀ ਸੀ। ਦਿੱਲੀ ਯੂਨੀਵਰਸਿਟੀ ਨੇ CIC ਦੇ ਹੁਕਮ ਨੂੰ ਚੁਣੌਤੀ ਦਿੱਤੀ ਸੀ, ਜਿਸ 'ਤੇ ਜਨਵਰੀ 2017 ਵਿੱਚ ਸੁਣਵਾਈ ਦੇ ਪਹਿਲੇ ਦਿਨ ਹੀ ਰੋਕ ਲਗਾ ਦਿੱਤੀ ਗਈ ਸੀ। ਸੁਣਵਾਈ ਦੌਰਾਨ, ਯੂਨੀਵਰਸਿਟੀ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ 393 ਦੇ ਹੁਕਮ ਨੂੰ ਰੱਦ ਕਰ ਦੇਣਾ ਚਾਹੀਦਾ ਹੈ ਕਿਉਂਕਿ 'ਨਿੱਜਤਾ ਦਾ ਅਧਿਕਾਰ' 'ਜਾਣਨ ਦੇ ਅਧਿਕਾਰ' ਨਾਲੋਂ ਜ਼ਿਆਦਾ ਮਹੱਤਵਪੂਰਨ ਹੈ। ਹਾਲਾਂਕਿ, ਯੂਨੀਵਰਸਿਟੀ ਨੇ ਅਦਾਲਤ ਨੂੰ ਦੱਸਿਆ ਕਿ ਉਹ ਪ੍ਰਧਾਨ ਮੰਤਰੀ ਮੋਦੀ ਦੇ ਡਿਗਰੀ ਰਿਕਾਰਡ ਅਦਾਲਤ ਦੇ ਸਾਹਮਣੇ ਪੇਸ਼ ਕਰਨ ਲਈ ਤਿਆਰ ਹੈ, ਪਰ ਉਨ੍ਹਾਂ ਨੂੰ RTI ਐਕਟ ਦੇ ਤਹਿਤ 'ਅਜਨਬੀਆਂ ਵੱਲੋਂ ਜਾਂਚ' ਲਈ ਜਨਤਕ ਨਹੀਂ ਕੀਤਾ ਜਾ ਸਕਦਾ।

## ਮੀਂਹ ਨੇ ਤੋੜਿਆ 47 ਸਾਲਾਂ ਦਾ ਰਿਕਾਰਡ

# ਪੰਜਾਬ 'ਚ ਅਗਲੇ 24 ਘੰਟੇ 'ਖ਼ਤਰਨਾਕ'

**ਚੰਡੀਗੜ੍ਹ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਰਾਵੀ ਦਰਿਆ ਵਿਚ ਪਾਣੀ ਦੇ ਪੱਧਰ ਵਧਣ ਕਾਰਨ ਕਈ ਪਿੰਡਾਂ ਦੇ ਵਾਸੀਆਂ ਲਈ ਜ਼ਰੂਰੀ ਸੂਚਨਾ ਜਾਰੀ ਕੀਤੀ ਹੈ। ਪ੍ਰਸ਼ਾਸਨ ਨੇ ਪਿੰਡ ਮਕੋੜਾ, ਕਾਹਨਾ, ਨਵੀਂ ਚੰਡੀਗੜ੍ਹ, ਚੱਕਰੀ, ਸਲਾਚ, ਠਾਕਰਪੁਰ ਅਤੇ ਚੌਂਤਰਾ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣਾ ਘਰੇਲੂ ਸਾਮਾਨ ਸੁਰੱਖਿਅਤ ਤੇ ਉੱਚੀਆਂ ਥਾਵਾਂ 'ਤੇ ਕਰ ਲੈਣ। ਪ੍ਰਸ਼ਾਸਨ ਨੇ ਸਪੱਸ਼ਟ ਕੀਤਾ ਹੈ ਕਿ ਜੇ ਹਾਲਾਤ ਗੰਭੀਰ ਹੋਣ ਤਾਂ ਵਾਸੀ ਨੇੜਲੇ ਰਾਹਤ ਕੇਂਦਰਾਂ ਦੀ ਸ਼ਰਨ ਲੈਣ। ਇਹ ਰਾਹਤ ਕੇਂਦਰ ਸਰਕਾਰੀ ਸਕੈਂਡਰੀ ਸਕੂਲ ਝਬਕਰਾ, ਗੁਰਦੁਆਰਾ ਟਾਹਲੀ ਸਾਹਿਬ ਗਾਹਲੜੀ ਅਤੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਗਾਹਲੜੀ ਵਿਚ ਬਣਾਏ ਗਏ ਹਨ। ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਨੂੰ ਕਿਹਾ ਹੈ ਕਿ ਉਹ ਬੇਵਜ੍ਹਾ ਖ਼ਤਰਾ ਨਾ ਮੋਲ ਲੈਣ ਅਤੇ ਜ਼ਰੂਰੀ ਸੂਚਨਾਵਾਂ ਤੇ ਐਲਾਨਾਂ ਤੇ ਪੂਰੀ ਤਰ੍ਹਾਂ ਧਿਆਨ ਦੇਣ। ਕਿਸੇ ਵੀ ਐਮਰਜੈਂਸੀ ਹਾਲਤ ਵਿੱਚ ਲੋਕ 1800-180-1852 ਜਾਂ 01874-266376 ਨੰਬਰਾਂ 'ਤੇ ਸੰਪਰਕ ਕਰ ਸਕਦੇ ਹਨ। ਉਥੇ ਹੀ ਲੁਧਿਆਣਾ 'ਚ ਮੀਂਹ ਨੇ ਪਿਛਲੇ 47 ਸਾਲਾਂ ਦਾ ਰਿਕਾਰਡ ਤੋੜ ਦਿੱਤਾ ਹੈ। ਪੰਜਾਬ ਸਰਕਾਰ ਨੇ ਅਗਲੇ 24 ਘੰਟੇ ਅਲਰਟ 'ਤੇ ਰਹਿਣ ਲਈ ਕਿਹਾ ਹੈ।



**ਰਾਵੀ ਨਦੀ 'ਚ ਫਸੇ ਚਾਰ ਲੋਕਾਂ ਨੂੰ ਸੁਰੱਖਿਅਤ ਬਚਾਇਆ :** ਪਠਾਨਕੋਟ ਦੇ ਨਾਲ ਲੱਗਦੇ ਸ਼ਾਹਪੁਰ ਕੰਢੀ ਦੇ ਪਿੰਡ ਰਾਜਪੁਰਾ ਨੇੜੇ ਰਾਵੀ ਨਦੀ ਵਿੱਚ ਚਾਰ ਲੋਕ ਫਸ ਗਏ ਸਨ, ਜਿਨ੍ਹਾਂ ਨੂੰ ਸੁਰੱਖਿਅਤ ਰੈਸਕਿਊ ਕਰ ਲਿਆ ਗਿਆ ਹੈ। ਦੱਸ ਦਈਏ ਕਿ ਇਹ ਚਾਰ ਇਹ ਲੋਕ ਕੱਲ੍ਹ ਤੋਂ ਫਸੇ ਹੋਏ ਸਨ, ਜੋ ਕਿ ਗੁੱਜਰ ਭਾਈਚਾਰੇ ਦੇ ਸਨ। ਇਨ੍ਹਾਂ ਵਿੱਚ ਇੱਕ ਆਦਮੀ, ਦੋ ਔਰਤਾਂ ਅਤੇ ਇੱਕ ਦੋ ਸਾਲ ਦਾ ਬੱਚਾ ਸੀ। ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚੇ, ਪੰਜਾਬ ਅਤੇ ਜੰਮੂ ਕਸ਼ਮੀਰ ਪੁਲਿਸ ਦੇ ਨਾਲ ਐਨਡੀਆਰਐਫ ਦੀਆਂ ਟੀਮਾਂ ਵੀ ਮੌਕੇ 'ਤੇ ਪਹੁੰਚੀਆਂ ਸਨ, ਜਿਨ੍ਹਾਂ ਨੇ ਭਾਰੀ ਜੱਦੋ-ਜਹਿਦ ਤੋਂ ਬਾਅਦ ਚਾਰਾਂ ਲੋਕਾਂ ਨੂੰ ਰਾਵੀ ਨਦੀ ਵਿੱਚੋਂ ਬਚਾਇਆ ਅਤੇ ਬਾਹਰ ਕੱਢਿਆ।

## ਮਾਨਸੂਨ ਨੇ ਚਿੰਤਾਵਾਂ 'ਚ ਕੀਤਾ ਵਾਧਾ; ਡੈਮਾਂ-ਦਰਿਆਵਾਂ 'ਚ ਵਧਿਆ ਪਾਣੀ ਦਾ ਪੱਧਰ

**ਪਠਾਨਕੋਟ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਅਤੇ ਜੰਮੂ ਵਿੱਚ ਸ਼ਨੀਵਾਰ ਰਾਤ ਤੋਂ ਹੋ ਰਹੀ ਬਾਰਿਸ਼ ਦਾ ਪ੍ਰਭਾਵ ਰਾਜ ਦੇ ਮੈਦਾਨੀ ਇਲਾਕਿਆਂ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ। ਰਾਜ ਦੀਆਂ ਸਾਰੀਆਂ ਨਦੀਆਂ ਦਾ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਹਿਮਾਚਲ ਵਿੱਚ ਹੋ ਰਹੀ ਬਾਰਿਸ਼ ਕਾਰਨ ਪਠਾਨਕੋਟ ਵਿੱਚ ਰਾਵੀ, ਉੱਜ ਅਤੇ ਜਲਾਲੀਆ ਨਦੀਆਂ ਉਫਾਨ 'ਤੇ ਹਨ। ਅੱਜ ਪੰਜਾਬ ਵਿੱਚ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਹਿਮਾਚਲ ਪ੍ਰਦੇਸ਼ ਨਾਲ ਲੱਗਦੇ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਵਿੱਚ ਆਮ ਨਾਲੋਂ ਵੱਧ ਮੀਂਹ ਪੈਣ ਦੀ ਸੰਭਾਵਨਾ ਹੈ ਅਤੇ ਇਹ ਮੌਸਮ ਅਗਲੇ 24 ਘੰਟਿਆਂ ਤੱਕ ਜਾਰੀ ਰਹਿ ਸਕਦਾ ਹੈ। ਪਠਾਨਕੋਟ-ਜਲੰਧਰ ਰਾਸ਼ਟਰੀ ਰਾਜਮਾਰਗ 'ਤੇ ਚੱਕੀ ਨਦੀ 'ਤੇ ਬਣਿਆ ਪੁਰਾਣਾ ਪੁਲ ਨਦੀ ਦੇ ਵਹਾਅ ਵਿੱਚ ਵਹਿ ਗਿਆ ਹੈ। ਇੰਨਾ ਹੀ ਨਹੀਂ, ਨਵੇਂ ਪੁਲ ਨੂੰ ਖਤਰੇ ਵਿੱਚ ਦੇਖਦਿਆਂ ਪ੍ਰਸ਼ਾਸਨ ਨੇ ਸੁਰੱਖਿਆ ਕਾਰਨਾਂ ਕਰਕੇ ਦੇਰ ਸ਼ਾਮ ਪੁਲ 'ਤੇ ਆਵਾਜਾਈ ਬੰਦ ਕਰ ਦਿੱਤੀ ਹੈ। ਇਸ ਕਾਰਨ ਪਠਾਨਕੋਟ-ਜਲੰਧਰ ਰਾਸ਼ਟਰੀ ਰਾਜਮਾਰਗ 'ਤੇ ਆਵਾਜਾਈ ਬੰਦ ਹੋ ਗਈ ਹੈ। ਸਿਰਫ਼ ਰੇਲਵੇ ਲਾਈਨ ਹੀ ਯਾਤਰਾ ਦਾ ਇੱਕੋ ਇੱਕ ਰਸਤਾ ਹੈ। ਆਵਾਜਾਈ ਨੂੰ ਨਾਰਨੌਟ ਜੈਮਲ ਸਿੰਘ ਰਾਹੀਂ ਮੋੜ ਦਿੱਤਾ ਗਿਆ ਹੈ। ਰਣਜੀਤ ਸਾਗਰ ਡੈਮ ਦੇ ਹੜ੍ਹ ਗੇਟ ਖੋਲ੍ਹ ਦਿੱਤੇ ਗਏ ਹਨ। ਹੁਸ਼ਿਆਰਪੁਰ ਵਿੱਚ ਪੌਂਗ ਡੈਮ ਅਤੇ ਰੂਪਨਗਰ ਵਿੱਚ ਨੰਗਲ ਡੈਮ ਤੋਂ ਪਾਣੀ ਛੱਡਣ ਦੀ ਪ੍ਰਕਿਰਿਆ ਐਤਵਾਰ ਨੂੰ ਵੀ ਜਾਰੀ ਰਹੀ। ਦੱਸ ਦਈਏ ਕਿ ਪਠਾਨਕੋਟ ਤੋਂ ਹਿਮਾਚਲ ਜਾਣ ਵਾਲੇ ਰਸਤੇ 'ਤੇ ਜ਼ਮੀਨ ਖਿਸਕਣ ਕਾਰਨ ਆਵਾਜਾਈ ਪਹਿਲਾਂ ਹੀ ਪ੍ਰਭਾਵਿਤ ਹੈ। ਇਸ ਕਾਰਨ ਸਤਲੁਜ ਅਤੇ ਬਿਆਸ ਨਦੀਆਂ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਪਾਣੀ ਭਰਨ ਅਤੇ ਜ਼ਮੀਨ ਖਿਸਕਣ ਨਾਲ ਜਨਜੀਵਨ ਪ੍ਰਭਾਵਿਤ ਹੋਇਆ ਹੈ। ਜੰਮੂ-ਪਠਾਨਕੋਟ ਰਾਸ਼ਟਰੀ ਰਾਜਮਾਰਗ 'ਤੇ ਇੱਕ ਪੁਲ ਨੂੰ ਨੁਕਸਾਨ ਪਹੁੰਚਿਆ ਹੈ। ਕਟੜਾ ਵਿੱਚ ਮਾਤਾ ਵੈਸ਼ਨੋ ਦੇਵੀ ਬੈਟਰੀ ਕਾਰ ਰਸਤਾ ਲਗਭਗ ਦਸ ਘੰਟੇ ਬੰਦ ਰਿਹਾ। ਕੁਪਵਾੜਾ ਵਿੱਚ ਇੱਕ ਇਮਾਰਤ ਡਿੱਗਣ ਕਾਰਨ 30 ਲੋਕ ਜ਼ਖਮੀ ਹੋਏ ਹਨ। ਮੌਸਮ ਵਿਭਾਗ ਨੇ 27 ਅਗਸਤ ਤੱਕ ਉੱਚਾਈ ਵਾਲੇ ਖੇਤਰਾਂ ਵਿੱਚ ਬੱਦਲ ਫਟਣ ਅਤੇ ਜ਼ਮੀਨ ਖਿਸਕਣ ਦੀ ਚੇਤਾਵਨੀ ਜਾਰੀ ਕੀਤੀ ਹੈ।

## ਜਲੰਧਰ 'ਚ ਫੈਕਟਰੀ ਤੋਂ ਅਮੋਨੀਆ ਗੈਸ ਲੀਕ ,ਕਈ ਲੋਕਾਂ ਦੇ ਫੈਕਟਰੀ ਅੰਦਰ ਫਸੇ ਹੋਣ ਦੀ ਆਸ਼ੰਕਾ





**ਜਲੰਧਰ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਸਰਜੀਕਲ ਕੰਪਲੈਕਸ 'ਚ ਫੈਕਟਰੀ ਤੋਂ ਅਮੋਨੀਆ ਗੈਸ ਲੀਕ ਹੋਣ ਦੀ ਖ਼ਬਰ ਸਾਹਮਣੇ ਆਈ ਹੈ ਤੇ 30 ਲੋਕਾਂ ਦੇ ਫੈਕਟਰੀ ਅੰਦਰ ਫਸੇ ਹੋਣ ਦਾ ਖਦਸ਼ਾ ਹੈ। ਪ੍ਰਸ਼ਾਸਨ ਦੇ ਅਧਿਕਾਰੀ ਮੌਕੇ ਉਤੇ ਪੁੱਜ ਗਏ ਹਨ। ਫਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਹਨ। ਜਲੰਧਰ ਦੇ ਸਰਕੀਲ ਕੰਪਲੈਕਸ ਦਾ ਮਾਮਲਾ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਜਲੰਧਰ ਦੇ ਪੱਛਮੀ ਹਲਕੇ ਵਿਚ ਸਥਿਤ ਮੈਟਰੋ ਮਿਲਕ ਆਫ ਸਰਜੀਕਲ ਕੰਪਲੈਕਸ ਵਿਚ ਅਮੋਨੀਆ ਗੈਸ ਲੀਕ ਹੋਈ ਹੈ। ਇਸ ਘਟਨਾ ਨਾਲ ਮਜ਼ਦੂਰਾਂ ਵਿਚ ਦਹਿਸ਼ਤ ਫੈਲ ਗਈ। ਇਸ ਘਟਨਾ ਦੀ ਸੂਚਨਾ ਮਿਲਦੇ ਹੀ ਪ੍ਰਸ਼ਾਸਨ ਕਰੇਨ ਦੀ ਮਦਦ ਨਾਲ ਕੰਧ ਤੋੜ ਕੇ ਮਜ਼ਦੂਰਾਂ ਨੂੰ ਬਾਹਰ ਕੱਢ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਘਟਨਾ ਦੌਰਾਨ 30 ਲੋਕ ਅੰਦਰ ਫਸੇ ਹੋਏ ਹਨ, ਜਿਨ੍ਹਾਂ ਨੂੰ ਕਰੇਨ ਦੀ ਮਦਦ ਨਾਲ ਬਾਹਰ ਕੱਢਿਆ ਜਾ ਰਿਹਾ ਹੈ।

ਦੱਸ ਦੇਈਏ ਕਿ ਪਿਛਲੇ ਸਾਲ ਜਲੰਧਰ 'ਚ ਡੋਮੋਰੀਆ ਪੁਲ ਨੇੜੇ ਆਈਸ ਫੈਕਟਰੀ 'ਚ ਅਮੋਨੀਆ ਗੈਸ ਲੀਕ ਹੋਈ ਸੀ। ਫੈਕਟਰੀ ਨੇੜਿਓਂ ਲੰਘ ਰਹੇ ਚਾਰ ਪ੍ਰਵਾਸੀ ਬੇਹੋਸ਼ ਹੋ ਗਏ ਸਨ। ਅਮੋਨੀਆ ਇੱਕ ਤੇਜ਼ ਗੰਧ ਵਾਲੀ ਇੱਕ ਰੰਗਹੀਣ ਅਤੇ ਹਲਕੀ ਗੈਸ ਹੈ। ਇਹ ਗੈਸ ਪਾਣੀ ਨਾਲ ਤੇਜ਼ੀ ਨਾਲ ਪ੍ਰਤੀਕਿਰਿਆ ਕਰਦੀ ਹੈ। ਅਮੋਨੀਆ ਦੀ ਵਰਤੋਂ ਜ਼ਿਆਦਾਤਰ ਰਸਾਇਣਕ ਖਾਦਾਂ ਦੇ ਨਿਰਮਾਣ ਲਈ ਕੀਤੀ ਜਾਂਦੀ ਹੈ। ਇਹ ਮੁੱਖ ਤੌਰ 'ਤੇ ਯੂਰੀਆ, ਅਮੋਨੀਅਮ ਫਾਸਫੇਟ, ਅਮੋਨੀਅਮ ਸਲਫੇਟ, ਅਮੋਨੀਅਮ ਨਾਈਟ੍ਰੇਟ ਅਤੇ ਸੋਡੀਅਮ ਕਾਰਬੋਨੇਟ ਆਦਿ ਬਣਾਉਣ ਲਈ ਵਰਤਿਆ ਜਾਂਦਾ ਹੈ। ਇਸ ਤੋਂ ਇਲਾਵਾ ਇਸ ਦੀ ਵਰਤੋਂ ਬਰਫ਼ ਬਣਾਉਣ ਵਾਲੀਆਂ ਫੈਕਟਰੀਆਂ ਵਿੱਚ ਕੂਲਿੰਗ ਏਜੰਟ ਵਜੋਂ ਵੀ ਕੀਤੀ ਜਾਂਦੀ ਹੈ। ਘਰੇਲੂ ਕੰਮਾਂ ਵਿਚ ਇਸ ਦੀ ਵਰਤੋਂ ਕੱਪੜਿਆਂ ਤੋਂ ਤੇਲ, ਗਰੀਸ ਆਦਿ ਦੇ ਧੱਬੇ ਹਟਾਉਣ ਲਈ ਕੀਤੀ ਜਾਂਦੀ ਹੈ।

## ਲੁਧਿਆਣਾ 'ਚ ਬੇਅਦਬੀ ਦੀ ਵੱਡੀ ਘਟਨਾ, ਸਿੱਖ ਸੰਸਥਾਵਾਂ ਵੱਲੋਂ ਸਖ਼ਤ ਸਜ਼ਾ ਦੀ ਮੰਗ

**ਲੁਧਿਆਣਾ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਲੁਧਿਆਣਾ ਸਥਿਤ ਸ੍ਰੀ ਗੁਰੂਦੁਆਰਾ ਸਾਹਿਬ ਵਿੱਚ ਬੇਅਦਬੀ ਦੀ ਇੱਕ ਘਟਨਾ ਸਾਹਮਣੇ ਆਈ ਹੈ। ਮਿਲੀ ਜਾਣਕਾਰੀ ਮੁਤਾਬਿਕ ਇੱਕ ਔਰਤ ਨੇ ਆਪਣੇ ਕੱਪੜੇ ਉਤਾਰ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਾਹਮਣੇ ਸੁੱਟ ਦਿੱਤੇ। ਉੱਥੇ ਅਰਦਾਸ ਕਰਨ ਆਏ ਲੋਕਾਂ ਨੇ ਉਸਨੂੰ ਕਿਸੇ ਤਰ੍ਹਾਂ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਉਸਨੇ ਇੱਕ ਨਾ ਸੁਣੀ ਅਤੇ ਹੰਗਾਮਾ ਜਾਰੀ ਰੱਖਿਆ। ਇਹ ਸਾਰਾ ਮਾਮਲਾ ਲੁਧਿਆਣਾ ਚ ਪਿਛਲੇ ਦਿਨੀ ਹਲਕਾ ਸਾਹਨੇਵਾਲ ਅਧੀਨ ਪੈਂਦੇ ਪਿੰਡ ਜੁਗਿਆਣਾ ਦੇ ਗੁਰਦੁਆਰਾ ਸਾਹਿਬ ਤੋਂ ਸਾਹਮਣੇ ਆਇਆ ਹੈ। ਇਸ ਮਾਮਲੇ ਸਬੰਧੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਜਿਸ 'ਚ ਔਰਤ ਪਹਿਲਾਂ ਬਹਿਸ ਕਰਦੀ ਹੋਈ ਦਿਖਾਈ ਦੇ ਰਹੀ ਹੈ। ਇਸ ਮਗਰੋਂ ਉਸ ਨੇ ਆਪਣੇ ਕੱਪੜੇ ਪਾੜ ਕੇ ਉਤਰਾਨੇ ਸ਼ੁਰੂ ਕਰ ਦਿੱਤੇ ਅਤੇ ਇਸ ਦੌਰਾਨ ਹੋਰ ਮਹਿਲਾ ਸ਼ਰਧਾਲੂਆਂ ਨੇ ਉਸ ਨੂੰ ਰੋਕ ਦੀ ਵੀ ਕੋਸ਼ਿਸ਼ ਕੀਤੀ। ਪਰ ਉਸਨੇ ਆਪਣੇ ਸਾਰੇ ਕੱਪੜੇ ਉਤਾਰ ਦਿੱਤੇ। ਦੱਸ ਦਈਏ ਕਿ ਵੀਡੀਓ ਵਾਇਰਲ ਹੋਣ ਤੋਂ ਬਾਅਦ ਲਗਾਤਾਰ ਸਿੱਖ ਜਥੇਬੰਦੀਆਂ ਅਤੇ ਸਮੁੱਚੀ ਕੌਮ ਵਿੱਚ ਰੋਸ ਪਾਇਆ ਜਾ ਰਿਹਾ ਹੈ। ਮਾਮਲੇ ਸਬੰਧੀ ਹਰ ਕਿਸੇ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਇਸ ਬੀਬੀ ਦੇ ਉੱਪਰ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ਜਿਸਤੋਂ ਬਾਅਦ ਪੁਲਿਸ ਨੇ ਬੇਅਦਬੀ ਕਰਨ ਵਾਲੀ ਬੀਬੀ ਉੱਪਰ ਐਫਆਈਆਰ ਦਰਜ ਕੀਤੀ ਗਈ ਹੈ। ਦੂਜੇ ਪਾਸੇ ਜਥੇਦਾਰ ਚੀਮਾ ਨੇ ਆਖਿਆ ਕਿ ਕੋਈ ਵੀ ਉੱਠ ਕੇ ਗੁਰੂ ਸਾਹਿਬ ਦੇ ਪਾਵਨ ਸਰੂਪਾਂ ਦੀ ਬੇਅਦਬੀ ਕਰਨ ਲੱਗ ਪਿਆ ਹੈ ਇਸ ਦਾ ਮੁੱਖ ਕਾਰਨ ਹੈ ਕਿ ਬੇਅਦਬੀ ਦੇ ਦੋਸ਼ੀਆਂ ਨੂੰ ਸਖਤ ਧਰਾਵਾਂ ਤਹਿਤ ਸਜ਼ਾ ਨਹੀਂ ਦਿੱਤੀ ਜਾਂਦੀ ਜੇਕਰ ਕਿਸੇ ਦੋਸ਼ੀ ਉੱਪਰ ਮੁਕਦਮਾ ਦਰਜ ਕਰ ਵੀ ਦਿੱਤਾ ਜਾਂਦਾ ਹੈ ਤਾਂ ਵੀ ਉਹ ਦੋਸ਼ੀ ਕੁਝ ਮਹੀਨੇ ਬਾਅਦ ਬਾਹਰ ਆ ਕੇ ਉਸ ਘਟਨਾ ਨੂੰ ਜਿੱਥੇ ਅੰਜਾਮ ਫਿਰ ਤੋਂ ਦਿੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਨੂੰ ਵੇਖ ਕੇ ਹੋਰ ਮੁਜਰਮ ਵੀ ਗੁਰੂ ਸਾਹਿਬ ਦੀ ਬੇਅਦਬੀ ਕਰਨ ਬਾਰੇ ਸੋਚਦੇ ਹਨ। ਉਹਨਾਂ ਕਿਹਾ ਕਿ ਕੱਲ ਦੀ ਇਸ ਘਟਨਾ ਨੇ ਸਮੁੱਚੀ ਸਿੱਖ ਕੌਮ ਦੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਪੰਜਾਬ ਸਰਕਾਰ ਸੁੱਤੀ ਪਈ ਇੱਕ ਪਾਸੇ ਤਾਂ ਆਖਦੀ ਹੈ ਕਿ ਬੇਅਦਬੀ 'ਤੇ ਸਖ਼ਤ ਕਾਨੂੰਨ ਬਣਾਇਆ ਜਾਵੇਗਾ ਦੂਜੇ ਪਾਸੇ ਬੇਅਦਬੀ ਕਰਨ ਵਾਲੇ ਦੋਸ਼ੀਆਂ ਉੱਪਰ ਮੁਕਦਮਾ ਦਰਜ ਕਰਨ ਤੋਂ ਡਰਦੀ ਹੈ। ਉੱਥੇ ਹੀ ਇਸ ਸਬੰਧੀ ਜਦੋਂ ਥਾਣਾ ਸਾਹਨੇਵਾਲ ਦੇ ਮੁਖੀ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਆਖਿਆ ਕਿ ਮੁਕੱਦਮਾ ਦਰਜ ਕਰ ਦਿੱਤਾ ਗਿਆ ਜਲਦ ਹੀ ਬੀਬੀ ਨੂੰ ਗ੍ਰਿਫਤਾਰ ਕੀਤਾ ਜਾਵੇਗਾ।



## ਰਾੜਾ ਸਾਹਿਬ ਦੇ ਸੰਪਰਦਾਇਕ ਮੁਖੀ ਸੰਤ ਬਲਜਿੰਦਰ ਸਿੰਘ ਜੀ ਅਕਾਲ ਚਲਾਣਾ ਕਰ ਗਏ

**ਲੁਧਿਆਣਾ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਰਾੜਾ ਸਾਹਿਬ ਦੇ ਸੰਪਰਦਾਇਕ ਮੁਖੀ ਸੰਤ ਬਲਜਿੰਦਰ ਸਿੰਘ ਜੀ ਅੱਜ ਤੜਕੇ ਅਕਾਲ ਚਲਾਣਾ ਕਰ ਗਏ। ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਦਿਲ ਦਾ ਦੌਰਾ ਪਿਆ, ਜੋ ਜਾਨਲੇਵਾ ਸਾਬਤ ਹੋਇਆ। ਬੀਤੀ ਰਾਤ 12 ਵਜੇ ਉਹ ਮਰਹੂਮ ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਦੀ ਸਲਾਨਾ ਬਰਸੀ ਸਬੰਧੀ ਹੋ ਰਹੇ ਸਮਾਗਮ 'ਚ ਕੀਰਤਨ ਕਰਕੇ ਆਪਣੇ ਕਮਰੇ 'ਚ ਆਰਾਮ ਕਰਨ ਗਏ ਸਨ ਪਰ ਸਵੇਰੇ ਉੱਠੇ ਨਹੀਂ। ਇਸ ਤੋਂ ਬਾਅਦ ਇਹ ਦੁਖਦਾਈ ਖ਼ਬਰ ਸਾਹਮਣੇ ਆਈ। ਸੰਤ ਬਲਜਿੰਦਰ ਸਿੰਘ ਦੇ ਅਕਾਲ ਚਲਾਣੇ ਨਾਲ ਸੰਪਰਦਾਏ ਅਤੇ ਸੰਗਤ ਵਿਚ ਸੋਗ ਦੀ ਲਹਿਰ ਦੌੜ ਗਈ। ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਉਨ੍ਹਾਂ ਦੇ ਅੰਤਿਮ ਦਰਸ਼ਨਾਂ ਲਈ ਪਹੁੰਚ ਰਹੀਆਂ ਹਨ। ਇਸ ਮੌਕੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੀ ਪਹੁੰਚੇ ਅਤੇ ਸੋਗ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਰਾੜਾ ਸਾਹਿਬ ਵਿਖੇ ਸੰਤ ਬਾਬਾ ਈਸ਼ਰ ਸਿੰਘ ਜੀ ਦੇ ਬਰਸੀ ਸਮਾਗਮ ਚੱਲ ਰਹੇ ਸਨ ਅਤੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੇ ਵੀ ਸਮਾਗਮ ਵਿੱਚ ਸ਼ਾਮਲ ਹੋਣ ਆਉਣਾ ਸੀ। ਰਾਤ ਹੀ ਉਨ੍ਹਾਂ ਦੀ ਬਾਬਾ ਬਲਜਿੰਦਰ ਸਿੰਘ ਜੀ ਨਾਲ ਗੱਲਬਾਤ ਹੋਈ ਸੀ ਪਰ ਸਵੇਰ ਨੂੰ ਇਹ ਮੰਦਭਾਗੀ ਖ਼ਬਰ ਮਿਲੀ, ਜਿਸਦਾ ਯਕੀਨ ਨਹੀਂ ਹੁੰਦਾ। ਗਿਆਸਪੁਰਾ ਨੇ ਕਿਹਾ ਕਿ ਸੰਤ ਬਲਜਿੰਦਰ ਸਿੰਘ ਇੱਕ ਮਹਾਨ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਅਹਿਮ ਯੋਗਦਾਨ ਪਾਇਆ। ਇਹ ਘਾਟਾ ਕਦੇ ਪੂਰਾ ਨਹੀਂ ਕੀਤਾ ਜਾ ਸਕਦਾ। ਅਦਾਰਾ ਆਵਾਜ਼ਿ ਕੌਮ ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਅਤੇ ਯੂ. ਕੇ. ਦੀਆਂ ਹੋਰ ਪੰਥਕ ਸ਼ਖਸੀਅਤਾਂ ਨੇ ਸੰਤ ਬਲਜਿੰਦਰ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ਼ ਦਾ ਪ੍ਰਗਟਾਵਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਿ ਸਿੱਖ ਧਰਮ ਅਤੇ ਗੁਰਬਾਣੀ ਦੇ ਉੱਘੇ ਪ੍ਰਚਾਰਕ ਅਤੇ ਰਾੜਾ ਸਾਹਿਬ ਸੰਪਰਦਾਇ ਦੇ ਮੌਜੂਦਾ ਮੁਖੀ ਸੰਤ ਬਾਬਾ ਬਲਜਿੰਦਰ ਸਿੰਘ ਜੀ ਦੇ ਅਕਾਲ ਚਲਾਣੇ ਦੀ ਖ਼ਬਰ ਦੁਖਦਾਈ ਹੈ। ਬਾਬਾ ਬਲਜਿੰਦਰ ਸਿੰਘ ਜੀ ਨੇ ਸਿੱਖ ਪੰਥ ਦੀ ਮਹਾਨ ਸੇਵਾ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਦੇ ਲੜ ਲਾਇਆ। ਪਰਮਾਤਮਾ ਅੱਗੇ ਅਰਦਾਸ ਵਿੱਛੜੀ ਪਵਿੱਤਰ ਰੂਹ ਨੂੰ ਚਰਨਾਂ 'ਚ ਥਾਂ ਦੇਣ ਅਤੇ ਪਰਿਵਾਰ ਸਮੇਤ ਸਨੇਹੀਆਂ ਨੂੰ ਭਾਣਾ ਮੰਨਣ ਦਾ ਹੌਸਲਾ ਹਿੰਮਤ ਬਖ਼ਸ਼ਣ।



ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

**ਭਾਈ ਰਘਵੀਰ ਸਿੰਘ**

**+44 7976 210161**




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE



SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV



ੴ ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁ ਪੁਰ ਕੀਆ ਪਯਾਨ॥ ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥

# ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ
ਲੱਖੀ ਸ਼ਾਹ ਵਣਜਾਰਾ ਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ

## ਵਿਸ਼ਾਲ ਨਗਰ ਕੀਰਤਨ

31 ਅਗਸਤ ਦਿਨ ਐਤਵਾਰ ਨੂੰ ਗੁ: ਕੋਠਾ ਸਹਿਬ ਵੱਲ੍ਹਾ ਤੋਂ ਪਿੰਡਾ ਚੋ ਹੁੰਦਾ ਹੋਇਆਂ
ਕਥੂਨੰਗਲ ਬਾਬਾ ਬੁੱਢਾ ਜੀ ਦੇ ਜਨਮ ਅਸਥਾਨ ਵਿਖੇ ਸਮਾਪਤੀ ਹੋਵੇਗੀ





ਵੱਲੋਂ:- ਇੰਟਰਨੈਸ਼ਨਲ ਪੰਥਕ ਦਲ ਅਤੇ ਸਮੂਹ ਸਹਿਯੋਗੀ ਜੱਥੇਬੰਦੀਆਂ (M) 62393-03731, 98766-82168



## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧਰਮੀ ਸਬਦ ਜਰੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
Law St
HSBC
Night Pharmacy
Ladlee Direct
Clothing store
Ross Walk Launderette
Shiva Shakti Foods
Buller Rd
Chai Paani
Vegetarian
Rendell Rd
Cossington Recreation ground
Roopkala Beauty Salon
A607
Heena Tailor
Clothing store
Hyderabad Wala - Leicester
Belgrave Neighbourhood Centre
Kensington St
Belgrave Health Centre
Health Centre Car Park
Westbourne St
Milans
Department store
Dorset St
Brandon Street Surgery
Shiv Sagar Veg
Purcell Rd
Shri Siva
Temple
Punjabi Tarka
Fast Food
Shivalaya The Leicestershire Brahma...
Catherine
0784 107 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁ ਪੁਰ ਕੀਯਾ ਪਿਯਾਨ ॥
ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ॥
ਨੌਂਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਰਾਮ ਜੀ,
ਸ਼ਹੀਦ ਭਾਈ ਦਿਆਲਾ ਜੀ, ਲੱਖੀ ਸ਼ਾਹ ਵਣਜਾਰਾ ਤੇ
ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ
ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ
ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਵਿਸ਼ਾਲ ਨਗਰ ਕੀਰਤਨ
ਸਜਾਏ ਜਾ ਰਹੇ ਹਨ। ਨਗਰ ਕੀਰਤਨ ਆਪ ਜੀ ਦੇ ਨਗਰ ਵਿੱਚ ਪਹੁੰਚ ਰਿਹਾ ਹੈ, ਸਮੂਹ ਨਗਰ ਨਿਵਾਸੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਾਸਤੇ ਇੱਕ ਜਗਾ ਤੇ ਇਕੱਠੇ ਹੋ ਕੇ ਦਰਸ਼ਨ ਦੀਦਾਰੇ ਕਰੀਏ ਅਤੇ ਆਪੋ-ਆਪਣੀਆਂ ਗੱਡੀਆਂ, ਮੋਟਰਸਾਈਕਲਾਂ 'ਤੇ ਸੰਗਤਾਂ ਨੂੰ ਨਾਲ ਲੈ ਕੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।
29/08/2025 ਦਿਨ ਸ਼ੁੱਕਰਵਾਰ ਆਰੰਭ:- ਭੂਰਾ ਕੋਹਨਾ, ਭੂਰਾ ਕਰੀਮਪੁਰਾ, ਮਨਾਵਾਂ, ਨੂਰਵਾਲਾ, ਕਾਲੀਆ, ਸਕੱਤਰਾਂ, ਦੂਹਲ, ਕਲੰਜਰ, ਚੀਮਾਂ, ਅਮਰਕੋਟ, ਮਹਿਮੂਦਪੁਰਾ, ਲਾਖਣਾ, ਰਾਜੋਕੇ, ਵਾਂ ਬਾਬਾ ਤਾਰਾ ਸਿੰਘ, ਮੱਦਰ, ਚੱਕ ਬਾਂਹਬਾ, ਹੁੰਦਲ, ਬਾਸਰਕੇ, ਭੈਣੀ ਮੱਸਾ ਸਿੰਘ, ਅਲਗੋਂ ਖੁਰਦ, ਚੂੰਘ, ਮਾੜੀ ਬੋਹੜ ਵਾਲੀ, ਮਾੜੀ ਗੌੜ ਸਿੰਘ, ਮਾੜੀ ਸਮਰਾ, ਭਿੱਖੀਵਿੰਡ, ਪਹੂਵਿੰਡ ਸਾਹਿਬ (ਮੋ:- 98155-16376)


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**


**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS


ਆਵਾਜ਼ਿ ਕੌਮ AWAZE QAUM

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਵਾਹਿਗੁਰੂ ਜੀ ਕਾ ਖਾਲਸਾ।

# ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
# ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ॥

# ਆਵਾਜ਼ਿ ਕੌਮ AWAZE QAUM
# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ


ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਂਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)




ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--


**RAGHBIR SINGH**
+44 7458 381111, +44 7976 210161

**PARAMJIT SHERGILL**
+44 7858 198159

**INDERJIT KAUR**
+44 7883 635835

**KULWINDER MANN**
+44 7900 982906

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

**RAGHBIR SINGH**
(CALL +44 7458 381111, +44 7976 210161)

PARAMJIT SHERGILL +44 7858 198159

INDERJIT KAUR +44 7883 635835

KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

--✶ ਗੁਰੂ ਪੰਥ ਦੇ ਸੇਵਾਦਾਰ ✶--

## ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ

## ਧੰਨੁ-ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ ।।

**ਅੱਜ ਜੋਤੀ ਜੋਤ ਦਿਵਸ 'ਤੇ ਵਿਸ਼ੇਸ਼**

# ਸਾਹਿਬ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ



**ਸਾਹਿਬ ਸ੍ਰੀ** ਗੁਰੂ ਰਾਮਦਾਸ ਪਾਤਸ਼ਾਹ ਜੀ ਨੇ 24 ਸਤੰਬਰ 1534 (25 ਅੱਸੂ 1591) ਨੂੰ ਪਿਤਾ ਸ੍ਰੀ ਹਰੀਦਾਸ ਜੀ ਤੇ ਮਾਤਾ ਦਯਾ ਕੌਰ( ਬੀਬੀ ਅਨੂਪੀ) ਜੀ ਦੇ ਗ੍ਰਹਿ ਚੂਨਾ ਮੰਡੀ, ਲਾਹੌਰ ਪਾਕਿਸਤਾਨ ਵਿੱਚ ਅਵਤਾਰ ਧਾਰਿਆ। ਆਪ ਦੇ ਦਾਦਾ ਬਾਬਾ ਠਾਕਰ ਦਾਸ ਜੀ ਸਨ। ਆਪ ਜੀ ਦੇ ਪਿਤਾ ਹਰੀਦਾਸ ਦੁਕਾਨਦਾਰੀ ਕਰਦੇ ਸਨ। ਆਪ ਦਾ ਨਾਂ ਰਾਮਦਾਸ ਰੱਖਿਆ ਗਿਆ ।ਸਮਾਜ ਵਿੱਚ ਵੱਡੇ ਬੱਚੇ ਨੂੰ ਜੇਠਾ ਵੀ ਕਿਹਾ ਜਾਂਦਾ ਹੈ।

ਆਪ ਦਾ ਨਾਂ ਵੀ ਜੇਠਾ ਹੀ ਪੈ ਗਿਆ। ਆਪ ਦੀ ਮਾਤਾ ਦਯਾ ਕੌਰ( ਬੀਬੀ ਅਨੂਪੀ) ਜੀ ਬੜੀ ਨੇਕ ਦਿਲ ਇਸਤਰੀ ਸਨ। 1541 ਨੂੰ ਆਪਦੀ ਮਾਤਾ ਦਯਾ ਕੌਰ( ਬੀਬੀ ਅਨੂਪੀ) ਰੱਬ ਨੂੰ ਪਿਆਰੇ ਹੋ ਗਏ। ਕੁੱਝ ਕੁ ਮਹੀਨਿਆਂ ਬਾਅਦ ਹੀ ਆਪ ਦੇ ਪਿਤਾ ਹਰੀਦਾਸ ਵੀ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ। ਉਸ ਸਮੇਂ ਆਪ ਦੀ ਉਮਰ ਸੱਤ ਸਾਲ ਦੀ ਸੀ। ਆਪ ਬਾਲਕ ਅਵਸਥਾ ਵਿੱਚ ਹੀ ਯਤੀਮ ਹੋ ਗਏ। ਆਪ ਤੋਂ ਦੋ ਸਾਲ ਛੋਟੇ ਭਰਾ ਦਾ ਨਾਂ ਹਰਿਦਿਆਲ ਸੀ। ਆਪ ਦੀ ਸਭ ਤੋਂ ਛੋਟੀ ਭੈਣ, ਜਿਸ ਦਾ ਨਾਂ ਰਾਮਦਾਸੀ ਸੀ। ਹੋਰ ਕੋਈ ਘਰ ਵਿੱਚ ਸਿਆਣਾ ਨਹੀ ਸੀ, ਜੋ ਆਪ ਦਾ ਪਾਲਣ -ਪੋਸ਼ਣ ਕਰਦਾ। ਸੋ ਆਂਢ-ਗੁਆਂਢ ਨੇ ਆਪ ਦੀ ਨਾਨੀ ਨੂੰ ਸੁਨੇਹਾ ਭੇਜ ਦਿੱਤਾ ਤੇ ਆਪ ਦੀ ਨਾਨੀ ਆਪ ਨੂੰ ਲਾਹੌਰ ਤੋਂ ਪਿੰਡ ਬਾਸਰਕੇ ਗਿੱਲਾਂ ਲੈ ਆਈ। ਆਪ ਦੀ ਨਾਨੀ ਬਹੁਤ ਬਿਰਧ ਸੀ। ਸਾਰਾ ਆਂਢ-ਗੁਆਂਢ ਆਪ ਦੀ ਨਾਨੀ ਨਾਲ ਹਿਰਖ ਕਰਨ ਆਇਆ ਤਾਂ ਭਾਈ ਅਮਰਦਾਸ ਜੀ ਵੀ ਪਿੰਡ ਬਾਸਰਕੇ ਦੇ ਵਸਨੀਕ ਸਨ।

ਉਸ ਸਮੇਂ ਭਾਈ ਅਮਰਦਾਸ ਜੀ ਦੀ ਉਮਰ 62 ਸਾਲ ਸੀ ਤੇ ਆਪ ਗੁਰੂ ਅੰਗਦ ਦੇਵ ਜੀ ਦੇ ਸਿੱਖ ਸ਼ਰਧਾਲੂ ਸਨ, ਸੋ ਭਾਈ ਅਮਰਦਾਸ ਵੀ ਆਪ ਦੀ ਨਾਨੀ ਕੋਲ ਹਿਰਖ ਕਰਨ ਲਈ ਪਹੁੰਚੇ। ਆਪ ਨੂੰ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਨ ਲਈ ਘੁੰਗਣੀਆਂ ਵੇਚਣ ਦਾ ਕੰਮ ਵੀ ਕਰਨਾ ਪਿਆ। 1546 ਵਿੱਚ ਭਾਈ ਜੇਠਾ ਗੋਇੰਦਵਾਲ ਸਾਹਬ ਆ ਗਏ। ਇੱਥੇ ਆਪ ਲੰਗਰ ਦੀ ਸੇਵਾ ਕਰਦੇ ਸਨ, ਪਰ ਆਪਣਾ ਨਿਰਬਾਹ ਘੁੰਗਣੀਆ ਵੇਚ ਕੇ ਹੀ ਕਰਦੇ ਸਨ। ਗੁਰੂ ਘਰ ਵਿੱਚ ਆਪ ਨੇ ਧਾਰਮਿਕ ਵਿਚਾਰ ਸੁਣੇ। ਆਪ 12 ਸਾਲ ਤੱਕ ਗੁਰੂ ਘਰ ਦੀ ਸੇਵਾ ਕਰਦੇ ਰਹੇ। ਗੁਰੂ ਜੀ ਨੇ ਆਪ ਦੀ ਨੇਕ ਨੀਤੀ, ਸੇਵਾ-ਭਾਵ, ਨਿਰਮਾਣਤਾ ਅਤੇ ਸੁਭਾਉ ਨੂੰ ਬਹੁਤ ਨੇੜ੍ਹਿਉ ਤੱਕਿਆ ਤੇ ਗੁਰੂ ਜੀ ਆਪ ਤੋਂ ਬਹੁਤ ਖੁਸ਼ ਹੋਏ। 1552 ਨੂੰ ਗੁਰੂ ਅੰਗਦ ਦੇਵ ਜੀ ਨੇ ਗੁਰਤਾਗੱਦੀ ਭਾਈ ਅਮਰਦਾਸ ਜੀ ਨੂੰ ਸੌਂਪ ਕੇ ਗੁਰੂ ਅਮਰਦਾਸ ਬਣਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਅਮਰਦਾਸ ਜੀ ਦੀ ਛੋਟੀ ਸਪੁੱਤਰੀ ਬੀਬੀ ਭਾਨੀ ਜੀ ਲਈ, ਵਰ ਲੱਭਣ ਦੀ ਗੱਲ ਚੱਲੀ। ਗੁਰੂ ਅਮਰਦਾਸ ਜੀ ਨੇ ਆਪਣੀ ਸੁਪਤਨੀ ਬੀਬੀ ਮਨਸਾ ਦੇਵੀ ਜੀ ਨੂੰ ਪੁੱਛਿਆਂ ਕਿ ਕਿਹੋ ਜਿਹਾ ਵਰ ਹੋਣਾ ਚਾਹੀਦਾ ਹੈ, ਤਾਂ ਉਸ ਸਮੇਂ ਭਾਈ ਜੇਠਾ ਜੀ ਪਰਾਤ ਵਿੱਚ ਪਾ ਕੇ ਘੁੰਗਣੀਆਂ ਵੇਚ ਰਹੇ ਸਨ ਤਾਂ ਬੀਬੀ ਜੀ ਨੇ ਭਾਈ ਜੇਠਾ ਜੀ ਵੱਲ ਵੇਖ ਕੇ ਕਿਹਾ ਕਿ ਐਸਾ ਵਰ ਹੋਣਾ ਚਾਹੀਦਾ ਹੈ ਤਾਂ ਗੁਰੂ ਅਮਰਦਾਸ ਜੀ ਸਹਿਜ ਸੁਭਾਉ ਹੀ ਬੋਲੇ ਕਿ ਐਸਾ ਵਰ ਤਾਂ ਫਿਰ ਇਹੋ ਹੀ ਹੋ ਸਕਦਾ ਹੈ। ਉਸੇ ਸਮੇਂ ਭਾਈ ਜੇਠਾ ਜੀ ਦੀ ਮੰਗਣੀ ਬੀਬੀ ਭਾਨੀ ਜੀ ਨਾਲ ਕਰ ਦਿੱਤੀ। ਦਸੰਬਰ 1552 ਵਿੱਚ ਆਪਦਾ ਵਿਆਹ ਬੀਬੀ ਭਾਨੀ ਜੀ ਨਾਲ ਹੋ ਗਿਆ ਉਸ ਸਮੇਂ ਬੀਬੀ ਭਾਨੀ ਦੀ ਉਮਰ 12 ਸਾਲ ਦੀ ਸੀ ਤੇ ਭਾਈ ਜੇਠਾ ਦੀ ਉਮਰ 19 ਸਾਲ ਸੀ। ਬੀਬੀ ਭਾਨੀ ਚਾਰ ਭੈਣ ਭਰਾਵਾਂ ਵਿੱਚੋਂ ਸਭ ਤੋਂ ਛੋਟੀ ਸੀ। ਆਪ ਤੋਂ ਵੱਡੀ ਬੀਬੀ ਦਾਨੀ ਦੀ ਸ਼ਾਦੀ ਬੇਦੀ ਵੰਸ ਦੇ ਭਾਈ ਰਾਮਾ ਨਾਲ ਹੋਈ। ਭਾਈ ਜੇਠਾ ਗੁਰੂ ਘਰ ਦੇ ਜਵਾਈ ਸਨ, ਪਰ ਫਿਰ ਵੀ ਆਪ ਦੀ ਸਹਿਣਸ਼ੀਲਤਾ, ਨਿਮਾਣਤਾ ਅਤੇ ਸੇਵਾ-ਭਾਵਨਾ ਵਿੱਚ ਕੋਈ ਫਰਕ ਨਹੀ ਸੀ ਪਿਆ।

ਆਪ ਸਿਰ ਤੇ ਮੜਾਸਾ ਕਰਕੇ ਦਿਨ ਰਾਤ ਬਾਉਲੀ ਦੀ ਸੇਵਾ ਵਿੱਚ ਜੁਟੇ ਰਹਿੰਦੇ ਸਨ। ਆਪ ਨੇ ਲਗਾਤਾਰ ਸਿਰੋ ਛੇ ਸਾਲ ਮੜਾਸਾ ਨਹੀ ਸੀ ਉਤਾਰਿਆ। ਆਪ ਗੁਰੂ ਘਰ ਦੇ ਲੰਗਰ ਦੀ ਸੇਵਾ, ਆਈਆਂ ਸੰਗਤਾਂ ਦਾ ਆਦਰ ਮਾਣ ਤੇ ਰਿਹਾਇਸ਼ ਦਾ ਪ੍ਰਬੰਧ ਕਰਦੇ ਸਨ। ਆਪ ਕਦੇ ਅੱਕੇ ਜਾਂ ਥੱਕੇ ਨਹੀ ਸਨ। ਇੱਕ ਵਾਰੀ ਲਾਹੌਰ ਤੋਂ ਤੀਰਥ ਯਾਤਰਾ ਤੇ ਇੱਕ ਜਥਾ ਆਇਆ, ਜੋ ਗੌਇੰਦਵਾਲ ਆ ਠਹਿਰਿਆ। ਉਸ ਵਿੱਚ ਭਾਈ ਜੇਠਾ ਜੀ ਦੀ ਬਰਾਦਰੀ ਦੇ ਲੋਕ ਵੀ ਸਨ ਜੋ ਇੰਨ੍ਹਾਂ ਨੂੰ ਮਿਲਣ ਆਏ। ਜਦੋ ਉਹ ਲੋਕ ਆਪ ਜੀ ਨੂੰ ਮਿਲੇ ਤਾਂ ਆਪ ਜੀ ਨੇ ਸਿਰ ਤੇ ਮੜਾਸਾ ਕਰਕੇ ਟੋਕਰੀ ਚੁੱਕੀ ਹੋਈ ਸੀ ਤਾਂ ਉਨ੍ਹਾਂ ਲੋਕਾਂ ਨੇ ਵੇਖ ਕੇ ਬਹੁਤ ਬੁਰਾ ਮਨਾਇਆ ਤਾਂ ਗੁਰੂ ਅਮਰਦਾਸ ਜੀ ਨੇ ਕਿਹਾ ਕਿ

**"ਸੁਨਿ ਕਰ ਸਤਿਗੁਰ ਭਏ ਪ੍ਰਸੰਨ। ।ਰਾਮਦਾਸ ਜੀ ਤੁਝ ਕੋ ਧੰਨ ਧੰਨ।।**
**ਕਰਿ ਸੇਵਾ ਮੁਝ ਕ ਬਸਿ ਕੀਨਾ। ਮੈਂ ਜਾਨੌਂ ਤੁਝ, ਤੈ ਮੁਝ ਕੋ ਚੀਨਾ।।**

ਇਹ ਮਿੱਟੀ ਗਾਰਾ ਨਹੀ ਇਹ ਤਾਂ ਵਡਿੱਤਣ ਦਾ ਕੇਸਰ ਹੈ, ਸਿਰ ਉੱਤੇ ਮੜਾਸਾ ਨਹੀ ਸਗੋਂ ਚਾਰ ਚੱਕ ਦੀ ਪਾਤਸ਼ਾਹੀ ਦਾ ਛਤਰ ਝੁੱਲਣਾ ਹੈ ।ਇੱਕ ਵਾਰ ਗੁਰੂ ਅਮਰਦਾਸ ਜੀ ਨੇ ਬੀਬੀ ਭਾਨੀ ਜੀ ਨੂੰ ਕਿਹਾ ਕਿ ਜੇ ਰਾਮਦਾਸ ਗੁਜਰ ਜਾਣ ਤਾਂ ਤੂੰ ਕੀ ਕਰੇਗੀ ਤਾਂ ਬੀਬੀ ਭਾਨੀ ਜੀ ਨੇ ਨਿਮਰਤਾ ਸਹਿਤ ਆਪਣਾ ਸਿਰ ਝੁਕਾ ਦਿੱਤਾ, ਜਿਸ ਦਾ ਭਾਵ ਸੀ ਕਿ ਜੋ ਰੱਬ ਦੀ ਰਜ਼ਾ ਹੋਏਗੀ ਮਨਜ਼ੂਰ ਹੋਏਗੀ। ਇਹ ਦੇਖ ਕੇ ਪਿਤਾ ਗੁਰਦੇਵ ਜੀ ਨੇ ਬੀਬੀ ਭਾਨੀ ਜੀ ਨੂੰ ਅਸ਼ੀਰਵਾਦ ਦਿੱਤਾ ਤੇ ਕਿਹਾ ਕਿ ਸਾਡੀ ਬਾਕੀ ਦੀ ਉਮਰ ਵੀ ਰਾਮਦਾਸ ਦੇ ਲੇਖੇ ਹੈ, ਇੰਨ੍ਹਾਂ ਕਹਿ ਕੇ ਆਪ ਬਾਉਲੀ ਵੱਲ ਚੱਲ ਪਏ। ਉਸ ਸਮੇਂ ਭਾਈ ਰਾਮਦਾਸ ਜੀ ਸਿਰ ਤੇ ਟੋਕਰੀ ਚੁੱਕੀ ਜਾ ਰਹੇ ਸਨ ਤਾਂ ਗੁਰੂ ਅਮਰਦਾਸ ਜੀ ਨੇ ਟੋਕਰੀ ਉਤਰਵਾ ਕੇ ਕਿਹਾ ਕਿ ਆਪ ਜੀ ਨੂੰ ਗੁਰਤਾਗੱਦੀ ਸੌਂਪਣ ਦਾ ਵਕਤ ਆ ਗਿਆ ਹੈ ਤਾਂ ਆਪ ਜੀ ਨੇ ਕਿਹਾ ਕਿ ਹੇ !ਮੇਰੇ ਮਾਲਿਕ ਗੁਰਗੱਦੀ ਨਹੀ, ਮੈਨੂੰ ਸੇਵਾ ਦਾ ਦਾਨ ਦਿਉ, ਗੱਦੀ ਮੋਹਰੀ ਜੀ ਨੂੰ ਦੇ ਦਿਉ। ਉਸ ਸਮੇਂ ਗੁਰੂ ਅਮਰਦਾਸ ਜੀ ਬਹੁਤ ਬਿਰਧ ਹੋ ਚੁੱਕੇ ਸਨ। 1574 ਵਿੱਚ 95 ਸਾਲ ਦੇ ਹੋ ਗਏ ਸਨ।

ਆਖਰੀ ਪ੍ਰੀਖਿਆ ਗੁਰੂ ਘਰ ਦੇ ਦੋਨਾਂ ਜਵਾਈਆਂ ਵੱਡੇ ਭਾਈ ਰਾਮਾ ਜੀ ਅਤੇ ਭਾਈ ਰਾਮਦਾਸ ਜੀ ਵਿੱਚ ਹੋਈ। ਗੁਰੂ ਅਮਰਦਾਸ ਜੀ ਨੇ ਭਾਈ ਰਾਮਾ ਜੀ ਅਤੇ ਭਾਈ ਰਾਮਦਾਸ ਜੀ ਨੂੰ ਥੜ੍ਹਾ ਬਣਾਉਣ ਲਈ ਕਿਹਾ। ਥੜ੍ਹਾ ਬਣ ਜਾਣ ਤੇ ਥੜ੍ਹਾ ਢਾਉਣ ਲਈ ਕਹਿ ਦਿੱਤਾ। ਥੜ੍ਹਾ ਬਣ ਜਾਣ ਤੇ ਥੜ੍ਹਾ ਢਾਉਣ ਨੂੰ ਕਹਿ ਦਿੰਦੇ। ਚੌਥੀ ਵਾਰ ਥੜ੍ਹਾ ਬਣਾਉਣ ਤੇ ਭਾਈ ਰਾਮਾ ਜੀ ਖਿੱਝ ਗਏ। ਭਾਈ ਰਾਮਦਾਸ ਜੀ ਸਤਿ ਬਚਨ ਕਹਿ ਕੇ ਥੜ੍ਹਾ ਬਣਾ ਵੀ ਦਿੰਦੇ ਤੇ ਥੜ੍ਹਾ ਢਾਹ ਵੀ ਦਿੰਦੇ। ਲਗਾਤਾਰ ਸੱਤਵੀਂ ਵਾਰ ਥੜ੍ਹਾ ਬਣਾਉਣ ਤੇ ਗੁਰੂ ਅਮਰਦਾਸ ਜੀ ਨੇ ਆਪ ਜੀ ਨੂੰ ਜੱਫੀ ਵਿੱਚ ਲੈ ਲਿਆ ਤੇ ਅਸੀਸਾ ਦੀ ਝੜੀ ਲਾ ਦਿੱਤੀ। ਆਪ ਜੀ ਦੀ ਸੇਵਾ-ਭਾਵ ਤੇ ਨਿਮਰਤਾ ਨੂੰ ਦੇਖਦਿਆ 1 ਸਤੰਬਰ1574 ਨੂੰ ਗੋਇੰਦਵਾਲ ਸਾਹਬ ਵਿਖੇ ਗੁਰਿਆਈ ਸੌਂਪ ਦਿੱਤੀ।

ਆਪ ਜੀ ਦੇ ਤਿੰਨ ਸਪੁੱਤਰ ਸ੍ਰੀ ਪ੍ਰਿਥੀ ਚੰਦ, ਸ੍ਰੀ ਮਹਾਂਦੇਵ ਅਤੇ (ਸ੍ਰੀ ਗੁਰੂ) ਅਰਜਨ ਦੇਵ ਜੀ ਹੋਏ। ਆਪ ਨੇ ਸੰਤੋਖਸਰ, ਗੁਰੂ ਕੇ ਚੱਕ ਤੇ ਅੰਮ੍ਰਿਤਸਰ ਨਗਰ ਦੀ ਤਿਆਰੀ ਆਰੰਭੀ। ਗੁਰੂ ਰਾਮਦਾਸ ਜੀ ਦਾ ਜੀਵਨ ਗੁਰੂ ਨਾਨਕ ਦੇਵ ਜੀ (5 ਸਾਲ), ਗੁਰੂ ਅੰਗਦ ਦੇਵ ਜੀ (18 ਸਾਲ), ਗੁਰੂ ਅਮਰਦਾਸ ਜੀ (40 ਸਾਲ), ਭਾਈ ਗੁਰਦਾਸ ਜੀ (30 ਸਾਲ) ਨਾਲ ਸਾਂਝਾ ਰਿਹਾ ਹੈ। ਆਪ ਦੇ ਸਮਕਾਲੀਆਂ ਵਿੱਚ ਦਮੋਦਰ, ਪੀਲੂ, ਸ਼ਾਹ ਹੁਸੈਨ, ਸੂਫੀ ਫਕੀਰ ਮੀਆਂਮੀਰ, ਰਾਜਪੂਤ ਮਹਾਰਾਣਾ ਪ੍ਰਤਾਪ ਗਿਣੇ ਜਾ ਸਕਦੇ ਹਨ।

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੀ ਮਹਾਨ ਬਾਣੀ 30 ਰਾਗਾਂ ਵਿੱਚ ਇਸ ਪ੍ਰਕਾਰ ਦਰਜ ਹੈ। 246 ਪਦੇ, 31 ਅਸ਼ਟਪਦੀਆਂ, 32 ਛੰਦ, 138 ਸ਼ਲੋਕ, 8 ਵਾਰਾਂ(183 ਪਉੜੀਆਂ), ਪਹਰੇ 1, ਵਣਜਾਰਾ 1 , ਕਰਹਲੇ 2 ,ਘੋੜੀਆਂ 2 ਦੀ ਰਚਨਾ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਕੁੱਲ 22 ਵਾਰਾਂ ਵਿੱਚੋਂ 8 ਵਾਰਾਂ ਸ੍ਰੀ ਗੁਰੂ ਰਾਮਦਾਸ ਜੀ ਦੀਆਂ ਰਚੀਆਂ ਹੋਈਆਂ ਹਨ ।(ਵੱਖ-ਵੱਖ ਵਿਦਵਾਨਾਂ ਅਨੁਸਾਰ ਗਿਣਤੀ ਵੱਖ-ਵੱਖ ਹੈ)

1581 ਨੂੰ ਗੁਰਗੱਦੀ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸੌਂਪ ਕੇ ਆਪ ਅਕਾਲ ਪੁਰਖ ਵਿੱਚ ਅਭੇਦ ਹੋ ਗਏ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

# 'ਦੂਸਰੀ ਆਲਮੀ ਪੰਜਾਬੀ ਕਾਨ.ਫਰੰਸ' ਬਾਬਾ ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ ਵੱਲੋਂ ਕਰਵਾਈ

**ਕਸੂਰ (ਪਾਕਿਸਤਾਨ):** ਮਾਦਰੀ ਜ਼ਬਾਨ ਦੀ ਤਰੱਕੀ ਵਾਸਤੇ ਪੰਜਾਬੀ ਨੂੰ ਮੁੱਢਲੇ ਪੱਧਰ ਤੋਂ ਲਾਗੂ ਕੀਤਾ ਜਾਵੇ । ਇਹਨਾਂ ਖ਼ਿਆਲਾਂ ਦਾ ਇਜ਼ਹਾਰ ਮਾਣਯੋਗ ਬੁਲਾਰੇ ਡਾਕਟਰ ਮੁਹੰਮਦ ਰਿਆਜ਼ ਅੰਜੁਮ ਸਦਰ ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ ,ਮੁਹੰਮਦ ਇਕਬਾਲ ਨਜਮੀ, ਮੁਹੰਮਦ ਸ਼ੋਇਬ ਮਿਰਜ਼ਾ, ਡਾਕਟਰ ਹ.ਫੀਜ਼ ਅਹਿਮਦ, ਤੁ.ਫੈਲ ਸੂਰ ਬਲੋਚ ,ਡਾਕਟਰ ਇਰ.ਫਾਨ ਅਲਹਕ ,ਡਾਕਟਰ ਮੁਹੰਮਦ ਰਿਆਜ਼ ਸ਼ਾਹਿਦ, ਡਾਕਟਰ ਕਲਿਆਣ ਸਿੰਘ ਕਲਿਆਣ ,ਨਾਜ਼ ਔਕਾੜਵੀ, ਡਾਕਟਰ ਮੁਹੰਮਦ ਅੱਯੂਬ,ਡਾਕਟਰ ਸਆਦਤ ਅਲੀ ਸਾਕਿਬ, ਪ੍ਰੋ.ਫੈਸਰ ਡਾਕਟਰ ਅਰਸ਼ਦ ਇਕਬਾਲ ਅਰਸ਼ਦ, ਡਾਕਟਰ ਅਹਿਸਾਨ ਅੱਲ੍ਹਾ ਤਾਹਿਰ ,ਸ਼ੌਕਤ ਨਕਸ਼ਬੰਦੀ ਡਾਕਟਰ ਸੱਯਦ .ਫਰਮਾਨ ਅਲੀ ,ਮੁਹੰਮਦ ਸਾਜਿਦ ਵ.ਗੈਰਾ ਨੇ ਬੁੱਲ੍ਹੇ ਸ਼ਾਹ ਅਦਬੀ ਸੰਗਤ ਵੱਲੋਂ ਪਾਕਿਸਤਾਨ ਮਾਡਲ ਹਾਈ ਸਕੂਲ ਰਾਏ ਵਿੰਡ ਰੋਡ ਕਸੂਰ ਵਿਖੇ ਕਰਵਾਈ ਗਈ ਦੂਸਰੀ ਆਲਮੀ ਪੰਜਾਬੀ ਕਾਨ.ਫਰੰਸ ਵਿਚ ਬੋਲਦਿਆਂ ਕੀਤਾ ਉਹਨਾਂ ਨੇ ਕਿਹਾ ਕਿ ਪੰਜਾਬੀ ਦੁਨੀਆ ਦੀਆਂ ਵੱਡੀਆਂ ਜ਼ਬਾਨੋਂ ਵਿੱਚੋਂ ਇਕ ਹੈ ਪੰਜਾਬੀ ਸਾਹਿਤ ਦੀ ਤਰੱਕੀ ਵਾਸਤੇ ਬਾਬਾ ਬੁੱਲ੍ਹੇ ਸ਼ਾਹ ਦੇ ਉਦੇਸ਼ ਨੂੰ ਫੈਲਾਉਣ ਲਈ ਅਦਬੀ ਸੰਗਤ ਅਪਣਾ ਕਿਰਦਾਰ ਅਦਾ ਕਰ ਰਹੀ ਹੈ ਉਹਨਾਂ ਨੇ ਕਿਹਾ ਕਿ ਦੁਨੀਆ ਦੇ ਹਰ ਸ਼ਹਿਰ ਵਿਚ

ਆਵਾਜ਼ਿ ਕੌਮ AWAZE QAUM International Newspaper & WEB TV




ਪੰਜਾਬੀ ਬੋਲਣ ਵਾਲੇ ਵੱਡੀ ਪੱਧਰ ਤੇ ਰਹਿੰਦੇ ਹਨ ।ਅਸੀਂ ਹਕੂਮਤ ਤੋਂ ਮੰਗ ਕਰਦੇ ਹਾਂ ਕਿ ਇਸ ਜ਼ਬਾਨ ਦੀ ਅਹਿਮੀਅਤ ਨੂੰ ਸਮਝਦੇ ਹੋਏ ਪ੍ਰਾਇਮਰੀ ਸਕੂਲਾਂ ਵਿਚ ਪੰਜਾਬੀ ਲਾਜ਼ਮੀ ਲਾਗੂ ਕੀਤੀ ਜਾਏ ।ਪ੍ਰੋਗਰਾਮ ਦੇ ਦੂਸਰੇ ਦੌਰ ਵਿੱਚ ਸਲੀਮ ਆ.ਫਤਾਬ ਸਲੀਮ ਕਸੂਰੀ,ਇਸ਼ਤੇਆਕ ਅਸਰ ,ਮੁਹੰਮਦ ਬੂਟਾ ਸ਼ਾਕਿਰ ਅਤੇ ਇਕੱਤਰ ਸ਼ਾਇਰਾਂ ਨੇ ਬਾਬਾ ਜੀ ਦੀ ਹਜ਼ੂਰੀ ਵਿੱਚ ਅਪਣਾ ਕਲਾਮ ਪੇਸ਼ ਕੀਤਾ ਅਤੇ ਹਾਜ਼ਰੀਨ ਤੋਂ ਭਰਪੂਰ ਦਾਦ ਵਸੂਲ ਕੀਤੀ। ਇਸ ਮੌਕੇ ਤੇ ਹਾਜ਼ਰੀਨ ਵਿਚ ਪਹਿਲੀ ਕਾਨ.ਫਰੰਸ 'ਚ ਪੜ੍ਹੇ ਗਏ ਕਲਾਮਾਂ ਦੀ ਕਿਤਾਬ "ਪੰਜਾਬੀ ਜ਼ਬਾਨ ਓ ਅਦਬ ਦਾ ਅਜੋਕਾ ਮੁਹਾੜ" ਅਤੇ ਬੁਲ੍ਹੇ ਸ਼ਾਹ ਅਦਬੀ ਸੰਗਤ ਵੱਲੋਂ ਛਾਪਿਆ ਜਾਣ ਵਾਲਾ ਮਹੀਨਾਵਾਰ ਰਸਾਲਾ 'ਬੁੱਲ੍ਹਾ' ਮੁ.ਫਤ ਤਕਸੀਮ ਕੀਤਾ ਗਏ ।ਇਸ ਮੌਕਾ ਤੇ ਬੁੱਲ੍ਹੇ ਸ਼ਾਹ ਅਦਬੀ ਸੰਗਤ ਦੇ ਸਦਰ ਡਾਕਟਰ ਮੁਹੰਮਦ ਰਿਆਜ਼ ਅੰਜੁਮ ਨੇ ਦੂਰ ਦਰਾਜ਼ ਤੋਂ ਤਸ਼ਰੀ.ਫ ਲਿਆਉਣ ਵਾਲੇ ਸ਼ਾਇਰਾਂ ਅਤੇ ਪਰਚਾ ਪੜ੍ਹਨ ਵਾਲੇ ਵਿਦਵਾਨਾਂ ਨੂੰ ਬੁਲ੍ਹੇ ਸ਼ਾਹ ਐਵਾਰਡ ਨਾਲ ਨਿਵਾਜਿਆ ਅਤੇ ਹਾਜ਼ਰੀਨ ਦਾ ਤਹਿ ਦਿਲੋਂ ਸ਼ੁਕਰੀਆ ਅਦਾ ਕੀਤਾ।

**-ਡਾਕਟਰ ਮੁਹੰਮਦ ਰਿਆਜ਼ ਅੰਜੁਮ, ਸਦਰ ਬਾਬਾ ਬੁੱਲ੍ਹੇ ਸ਼ਾਹ ਅਦਬੀ ਸੰਗਤ (ਰਜਿ), ਕਸੂਰ ਲਹਿੰਦਾ ਪੰਜਾਬ**

### ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਪਾਹੁੰਚੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਵਿੱਚ

# ਖੇਡਾਂ ਵਿੱਚ ਜੇਤੂ ਬੱਚਿਆਂ ਨੂੰ ਕੀਤਾ ਸਨਮਾਨਿਤ









**ਚੌਂਕ ਮਹਿਤਾ, 25 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰੀ ਮਾਨ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਦੀ ਅਗਵਾਈ ਵਿੱਚ ਚੱਲ ਰਹੀ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਪਿੱਛਲੇ ਦਿੱਨੀ ਬਿਹਾਰ ਵਿੱਚੋਂ ਜਿੱਤ ਕੇ ਆਏ ਵਿਦਿਆਰਥੀ ਜਸਨਦੀਪ ਸਿੰਘ ਨੇ ਪੰਜਾਬ ਯੂਥ ਬਾਕਸਿੰਗ ਚੈਪੀਅਨਸ਼ਿਪ ਵਿੱਚੋਂ ਦੂਜਾ ਸਥਾਨ ਪ੍ਰਾਪਤ ਕਰਕੇ ਅਤੇ ਬਿਹਾਰ ਵਿੱਚ 10 ਸਟੇਟਾਂ ਨੇ ਭਾਗ ਲਿਆ ਅਤੇ ਪੰਜਾਬ ਯੂਥ ਬਾਕਸਿੰਗ ਦੇ ਨੌਜਵਾਨਾਂ ਨੇ 3 ਗੋਲਡ ਮੈਡਲ, 2 ਸਿਲਵਰ ਅਤੇ 10 ਬਰਾਉਣ ਮੈਡਲ ਅਤੇ ਟਰਾਫ਼ੀ ਜਿੱਤ ਕੇ ਪੰਜਾਬ ਨੂੰ ਦੂਜਾ ਸਥਾਨ ਪ੍ਰਾਪਤ ਕਰਵਾਇਆ ਅਤੇ ਖਾਲਸਾ ਅਕੈਡਮੀ ਜੱਬੋਵਾਲ ਅਤੇ ਪੰਜਾਬ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਵਿੱਚ ਪਾਹੁੰਚ ਕੇ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਅਤੇ ਆਪਣਾ ਆਸ਼ੀਰਵਾਦ ਦਿੱਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਖੇਡਾਂ ਵਿੱਚ ਜਿੱਤ ਪ੍ਰਾਪਤ ਕਰਕੇ ਜਸਨਦੀਪ ਸਿੰਘ ਨੇ ਪੰਜਾਬ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਕੈਬਨਿਟ ਮੰਤਰੀ ਨੇ ਅਕੈਡਮੀ ਦੇ ਮੁੱਖੀ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਉਸਮਾ,ਭਾਈ ਤੇਜਬੀਰ ਸਿੰਘ ਭਲਾਈਪੁਰ, ਭਾਈ ਸੁਖਦੇਵ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਬਲਰਾਜ ਸਿੰਘ ਬਾਜ, ਭਾਈ ਪ੍ਰਿੰਸੀਪਲ ਸੁਰਿੰਦਰਜੀਤ ਸਿੰਘ, ਭਾਈ ਗੁਰਪਿੰਦਰ ਸਿੰਘ, ਭਾਈ ਰਵਿੰਦਰ ਸਿੰਘ ਭਲਾਈਪੁਰ, ਦਵਿੰਦਰ ਸਿੰਘ ਸਰਪੰਚ ਜੱਬੋਵਾਲ, ਸਰਪੰਚ ਗੁਰਮੁੱਖ ਸਿੰਘ, ਅਮਰਜੀਤ ਸਿੰਘ ਕਾਲਕੇ ਆਦਿ ਬਹੁਤ ਗਿਣਤੀ ਮੋਹਤਬਰ ਅਤੇ ਸੇਵਾਦਾਰ ਹਾਜ਼ਰ ਸਨ ਅਤੇ ਇਸ ਮੌਕੇ ਤੇ ਸੰਤ ਬਾਬਾ ਮਲਕੀਅਤ ਸਿੰਘ ਅਤੇ ਹੋਰ ਸੇਵਾਦਾਰਾਂ ਨੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਸਿਰਪਾਉ ਅਤੇ ਦੁਸਾਲਾ ਦੇਕੇ ਸਨਮਾਨਿਤ ਕੀਤਾ।

# ਵਿਦਿਆਰਥੀਆਂ ਨੇ ਮਿਲੇਨੀਅਮ ਸਕੂਲ ਅੰਮ੍ਰਿਤਸਰ ਵਿੱਖੇ ਹਿੱਸਾ ਲਿਆ

**ਚੌਂਕ ਮਹਿਤਾ, 25 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਨਾਮਵਰ ਸੰਸਥਾ ਗੁਰੂ ਨਾਨਕ ਦੇਵ ਗਲੋਬਲ ਅਕੈਡਮੀ ਅੱਡਾ ਨਾਥ ਦੀ ਖੂਹੀ ( ਚੰਨਣਕੇ) ਦੇ ਵਿਦਿਆਰਥੀਆਂ ਨੇ ਮਿਲੇਨੀਅਮ ਸਕੂਲ ਅੰਮ੍ਰਿਸਰ ਵਿੱਖੇ ਹਿੱਸਾ ਲਿਆ ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਪਰਦਰਸ਼ਨ

## ਵਿਦਿਆਰਥੀਆਂ ਨੇ ਮਿਲੇਨੀਅਮ ਹਿਸਾ ਲਿਆ ਜਿੱਤ ਪ੍ਰਾਪਤ ਕੀਤੀ




ਕਰਕੇ ਓਵਰਆਲ ਰੋਲਿੰਗ ਟ੍ਰੋਫੀ ਇੰਨਾ ਵਿਦਿਆਰਥੀਆਂ ਨੇ ਜਿੱਤ ਪ੍ਰਾਪਤ ਕਰਕੇ ਆਪਣੇ ਅਕੈਡਮੀ ਦਾ ਨਾਮ ਰੋਸ਼ਨ ਕੀਤਾ, ਇਸ ਮੌਕੇ ਤੇ ਡਾਇਰੈਕਟਰ ਕੁਲਜੀਤ ਸਿੰਘ ਬਾਠ,ਮੈਡਮ ਕੁਲਵੰਤ ਕੌਰ ਬਾਠ ਅਤੇ ਅਕੈਡਮੀ ਦੇ ਪ੍ਰਿੰਸੀਪਲ ਰਿਤੂ ਖਨੇਜਾ ਨੇ ਬੱਚਿਆਂ ਨੂੰ ਵਧਾਈਆਂ ਦਿੱਤੀਆਂ। ਜਿਸ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਮਨਸੀਰਤ ਕੌਰ ਅਤੇ ਰਿਤਮਨਦੀਪ ਕੌਰ ਨੇ ਪ੍ਰੈਜੈਂਟੇਸ਼ਨ ਕਮ ਸਪੀਚ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਇਨਾਮ ਜਿੱਤਿਆ ਨੌਵੀ ਜਮਾਤ ਦੀ ਵਿਦਿਆਰਥਣ ਮਨਮੀਤ ਕੌਰ ਨੇ ਡਿਬੇਟ ਵਿੱਚ ਬੈਸਟ ਪ੍ਰੋਪੋਜ਼ੀਸ਼ਨ ਸਪੀਕਰ ਦਾ ਅਵਾਰਡ ਹਾਸਿਲ ਕੀਤਾ, ਨੌਵੀ ਜਮਾਤ ਦੀ ਵਿਦਿਆਰਥਣ ਸੀਰਤ ਕੌਰ ਨੇ ਡਿਬੇਟ ਅਤੇ ਪੰਜਵੀ ਜਮਾਤ ਦੀ ਵਿਦਿਆਰਥਣ ਚਾਹਤਨੂਰ ਕੌਰ ਨੇ ਕਵਿਤਾ ਉਚਾਰਨ ਮੁਕਾਬਲੇ ਵਿੱਚ ਬਹੁਤ ਵਧੀਆ ਕਾਰਗੁਜ਼ਾਰੀ ਦਿਖਾ ਕੇ ਵਧੀਆ ਨੰਬਰ ਪ੍ਰਾਪਤ ਕੀਤੇ। ਇਨ੍ਹਾਂ ਬੱਚਿਆਂ ਨੇ ਬਹੁਤ ਵਧੀਆ ਮੁਕਾਬਲੇ ਵਿੱਚ ਜਿੱਤ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਅਕੈਡਮੀ ਦਾ ਨਾਮ ਰੋਸ਼ਨ ਕੀਤਾ ਇਸ ਦੀ ਜਾਣਕਾਰੀ ਮੁੱਖ ਪ੍ਰਬੰਧਕ ਮੈਡਮ ਮਨਜੀਤ ਕੌਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬੱਚੇ ਬਹੁਤ ਮਿਹਨਤ ਕਰਕੇ ਹਰ ਪੱਖੋਂ ਬਹੁਤ ਵੱਡੀਆਂ ਜਿੱਤਾ ਪ੍ਰਾਪਤ ਕਰਦੇ ਹਨ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸਪੈਸ਼ਲ ਅਸੈਂਬਲੀ ਆਯੋਜਿਤ




**ਬਿਲਾਸਪੁਰ / ਮੋਗਾ -(ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਨੂੰ ਮੁੱਖ ਰੱਖਦਿਆਂ ਹੋਇਆਂ ਸਪੈਸ਼ਲ ਅਸੈਂਬਲੀ ਨੂੰ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਰਾਹੀਂ ਆਪਣੀ ਹਾਜ਼ਰੀ ਭਰੀ, ਵਿਦਿਆਰਥੀਆਂ ਨੇ ਸਾਖੀਆਂ ਅਤੇ ਭਾਸ਼ਣਾ ਰਾਹੀਂ ਗੁਰੂ ਗ੍ਰੰਥ ਸਾਹਿਬ ਜੀ ਦੇ ਉਪਦੇਸ਼ਾਂ ਤੇ ਚਾਨਣਾ ਪਾਇਆ। ਸਕੂਲ ਮੈਨੇਜਮੈਂਟ ਅਤੇ ਸਕੂਲ ਸਟਾਫ਼ ਨੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ, ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਅਤੇ ਸਮਾਜ ਸੇਵੀ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈੱਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਤੇ ਸੱਚ, ਦਇਆ,ਨਿਮਰਤਾ ਅਤੇ ਭਾਈਚਾਰੇ ਦੇ ਸਿਧਾਂਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਆਤਮਿਕ ਸਮਾਗਮ ਨੇ ਵਿਦਿਆਰਥੀਆਂ ਵਿੱਚ ਸਿੱਖੀ ਪ੍ਰਤੀ ਸ਼ਰਧਾ ਤੇ ਸਤਿਕਾਰ ਨੂੰ ਹੋਰ ਮਜਬੂਤ ਕੀਤਾ। ਇਸ ਮੌਕੇ ਸਕੂਲ ਮੈਨੇਜਮੈਂਟ, ਸਕੂਲ ਸਟਾਫ਼ ਅਤੇ ਬੱਚੇ ਹਾਜ਼ਰ ਸਨ।

## ਅਕਾਲੀ ਦਲ ਅੰਮ੍ਰਿਤਸਰ ਵੱਲੋਂ ਖੜਿਆਲ ਪਿੰਡ ਵਿੱਚ ਪ੍ਰੋਗਰਾਮ 'ਚ ਸੰਜੂਮਾਂ ਤੇ ਬੀਬੀ ਜਖੇਪਲ ਤੇ ਦਿੜਬਾ ਹਲਕੇ ਦੀ ਜਥੇਬੰਦੀ ਦਾ ਵਿਸ਼ੇਸ਼ ਯੋਗਦਾਨ

**ਸੰਗਰੂਰ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪਿੰਡ ਖੜਿਆਲ ਵਿਖੇ





ਕਰਵਾਏ ਗਏ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਵਿੱਚ ਹਰਜੀਤ ਸਿੰਘ ਸੰਜੂਮਾਂ (ਸੀਨੀਅਰ ਐਗਜੈਕਟਿਵ ਮੈਂਬਰ ਪੰਜਾਬ, ਹਲਕਾ ਇੰਚਾਰਜ ਦਿੜਬਾ) ਅਤੇ ਬੀਬੀ ਬਲਜੀਤ ਕੌਰ ਜਖੇਪਲ (ਜ਼ਿਲਾ ਪ੍ਰਧਾਨ ਇਸਤਰੀ ਵਿੰਗ ਸੰਗਰੂਰ) ਵੱਲੋਂ ਤੇ ਸੰਗਰੂਰ ਜਥੇਬੰਦੀ ਵੱਲੋਂ ਅਣਥੱਕ ਮਿਹਨਤ ਕੀਤੀ ਗਈ। ਇਸ ਮੌਕੇ ਦੋਵੇਂ ਆਗੂਆਂ ਨੇ ਇਕੱਤਰਤਾ ਕਰਨ ਲਈ ਆਪਣਾ ਵਿਸ਼ੇਸ਼ ਯੋਗਦਾਨ ਪਾਇਆ ਅਤੇ ਸਮੂਹ ਪਾਰਟੀ ਵਰਕਰਾਂ ਦੇ ਨਾਲ-ਨਾਲ ਸੰਗਰੂਰ ਦੇ ਵੱਖ-ਵੱਖ ਪਿੰਡਾਂ ਤੋਂ ਪਹੁੰਚੀ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਹਰਜੀਤ ਸਿੰਘ ਸੰਜੂਮਾਂ ਨੇ ਕਿਹਾ ਕਿ ਪਿੰਡ ਪੱਧਰ 'ਤੇ ਲੋਕਾਂ ਦੇ ਸਹਿਯੋਗ ਨਾਲ ਹੀ ਜਥੇਬੰਦੀ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਜਦੋਂ ਕਿ ਬੀਬੀ ਬਲਜੀਤ ਕੌਰ ਜਖੇਪਲ ਨੇ ਇਸਤਰੀ ਵਿੰਗ ਦੀ ਭੂਮਿਕਾ ਉੱਤੇ ਰੌਸ਼ਨੀ ਪਾਈ ਤੇ ਕਿਹਾ ਕਿ ਮਹਿਲਾਵਾਂ ਦੀ ਭਾਗੀਦਾਰੀ ਅੰਦੋਲਨਾਂ ਨੂੰ ਹੌਂਸਲਾ ਦਿੰਦੀ ਹੈ। ਪਾਰਟੀ ਨੇਤਾਵਾਂ ਨੇ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਪ੍ਰੋਗਰਾਮਾਂ ਦੀਆਂ ਤਿਆਰੀਆਂ ਕਰਨ ਦਾ ਭਰੋਸਾ ਦਿਵਾਇਆ ਤੇ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲੜਨ ਲਈ ਵੀ ਨੌਜਵਾਨਾਂ ਤੇ ਬੀਬੀਆਂ ਨੂੰ ਬੇਨਤੀ ਕੀਤੀ।

## ਪੰਮਾ ਨੇ ਜਸਵਿੰਦਰ ਭੱਲਾ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਫਿਲਮਫੇਅਰ ਐਵਾਰਡਾਂ 'ਤੇ ਜਾਣ ਵਾਲੇ ਕਲਾਕਾਰਾਂ ਦੀ ਕੀਤੀ ਨਿੰਦਾ

### ਪੰਜਾਬੀ ਫਿਲਮਫੇਅਰ ਐਵਾਰਡ 2025 ਦੌਰਾਨ ਮੀਡੀਆ ਨਾਲ ਗਲਤ ਵਿਵਹਾਰ ਕਰਨਾ ਬਹੁਤ ਸ਼ਰਮਨਾਕ



**ਨਵੀਂ ਦਿੱਲੀ 25 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਮਸ਼ਹੂਰ ਪੰਜਾਬੀ ਕਲਾਕਾਰ ਜਸਵਿੰਦਰ ਭੱਲਾ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹੋਏ ਪੰਜਾਬੀ ਇੰਡਸਟਰੀ ਦੇ ਕਈ ਕਲਾਕਾਰਾਂ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਇੱਕ ਪਾਸੇ ਬਹੁਤ ਸਾਰੇ ਕਲਾਕਾਰ ਅਜਿਹੇ ਮਸ਼ਹੂਰ ਕਲਾਕਾਰ ਜਸਵਿੰਦਰ ਸਿੰਘ ਭੱਲਾ ਜੀ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਹੰਝੂ ਵਹਾ ਰਹੇ ਸਨ ਅਤੇ ਸ਼ਾਮ ਨੂੰ ਉਹ ਪੰਜਾਬੀ ਫਿਲਮਫੇਅਰ ਐਵਾਰਡ 2025 'ਤੇ ਗਾ ਕੇ ਅਤੇ ਨੱਚ ਕੇ ਜਸ਼ਨ ਮਨਾ ਰਹੇ ਸਨ। ਪੰਮਾ ਨੇ ਕਿਹਾ ਕਿ ਅਜਿਹੇ ਕਲਾਕਾਰਾਂ ਨੇ ਸਾਬਤ ਕਰ ਦਿੱਤਾ ਹੈ ਕਿ ਉਨ੍ਹਾਂ ਲਈ ਪੰਜਾਬੀ ਕਲਾਕਾਰਾਂ ਦਾ ਪਰਿਵਾਰ ਪਹਿਲਾਂ ਨਹੀਂ ਹੈ, ਉਨ੍ਹਾਂ ਲਈ ਪੈਸਾ ਅਤੇ ਪ੍ਰਸਿੱਧੀ ਜ਼ਿਆਦਾ ਮਹੱਤਵਪੂਰਨ ਹੈ, ਜਦੋਂ ਕਿ ਇਹ ਪ੍ਰੋਗਰਾਮ ਕੁਝ ਸਮੇਂ ਲਈ ਮੁਲਤਵੀ ਕਰ ਦੇਣਾ ਚਾਹੀਦਾ ਸੀ। ਦੂਜੇ ਪਾਸੇ, ਪੰਜਾਬੀ ਫਿਲਮਫੇਅਰ ਐਵਾਰਡ 2025 'ਤੇ ਮੀਡੀਆ ਨਾਲ ਜਿਸ ਤਰ੍ਹਾਂ ਦਾ ਵਿਵਹਾਰ ਕੀਤਾ ਗਿਆ, ਉਹ ਵੀ ਇੱਕ ਸ਼ਰਮਨਾਕ ਘਟਨਾ ਹੈ। ਕਿਉਂਕਿ ਜਿਸ ਹਾਲਤ ਵਿੱਚ ਪੰਜਾਬੀ ਇੰਡਸਟਰੀ ਚੱਲ ਰਹੀ ਹੈ, ਉਸ ਦਾ ਪ੍ਰਚਾਰ ਮੀਡੀਆ ਰਾਹੀਂ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦੇ ਘਰਾਂ ਤੱਕ ਪਹੁੰਚ ਰਿਹਾ ਹੈ।

### ਗੁਰੂ ਤੇਗ ਬਹਾਦਰ ਸਾਹਿਬ ਨੇ ਸ਼ਹੀਦੀ ਦੇ ਕੇ ਦੂਸਰਿਆਂ ਦੇ ਧਰਮ ਨੂੰ ਬਚਾਇਆ : ਸਿੰਘ ਸਾਹਿਬ

# ਸ਼ਹੀਦ ਬਾਬਾ ਬੇਅੰਤ ਸਿੰਘ ਦੀ ਯਾਦ ਵਿੱਚ ਹੋਏ ਗੁਰਮਤਿ ਸਮਾਗਮ

## ਇੰਟਰਨੈਸ਼ਨਲ ਪੰਥਕ ਦਲ ਵੱਲੋਂ 40 ਦੇ ਕਰੀਬ ਵੱਡੇ ਨਗਰ ਕੀਰਤਨ ਪੰਜਾਬ ਭਰ ਵਿੱਚ ਕੱਢੇ ਜਾ ਰਹੇ ਹਨ ਜਿਨ੍ਹਾਂ ਦੀ ਸ਼ੁਰੂਆਤ 27 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਤੋਂ ਕੀਤੀ ਜਾ ਰਹੀ ਹੈ : ਸਿੰਘ ਸਾਹਿਬ















ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼ਹੀਦ ਬਾਬਾ ਬੇਅੰਤ ਸਿੰਘ ਦੀ ਯਾਦ ਵਿੱਚ ਪਿੰਡ ਚੌਹੜਾ (ਕੋਟ ਪੱਲੀਆਂ) ਵਿਖੇ ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ ਦੇ ਪ੍ਰਬੰਧਾਂ ਹੇਠ ਹੋਏ ਮਹਾਨ ਗੁਰਮਤਿ ਸਮਾਗਮ ਵਿੱਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਖਾਲਸਾ ਨੇ ਆਖਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਨੇ ਦੂਸਰਿਆਂ ਦੇ ਧਰਮ ਨੂੰ ਬਚਾਉਣ ਲਈ ਸ਼ਹੀਦੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਸਾਨੂੰ ਸਭਨਾਂ ਨੂੰ ਰਲ ਕੇ ਵੱਡੇ ਪੱਧਰ ’ਤੇ 350 ਸਾਲਾ ਸ਼ਹੀਦੀ ਸ਼ਤਾਬਦੀ ਮਨਾਉਣੀ ਚਾਹੀਦੀ ਹੈ। ਇੰਟਰਨੈਸ਼ਨਲ ਪੰਥਕ ਦਲ ਵੱਲੋਂ 40 ਦੇ ਕਰੀਬ ਵੱਡੇ ਨਗਰ ਕੀਰਤਨ ਪੰਜਾਬ ਭਰ ਵਿੱਚ ਕੱਢੇ ਜਾ ਰਹੇ ਹਨ ਜਿਨ੍ਹਾਂ ਦੀ ਸ਼ੁਰੂਆਤ 27 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਤੋਂ ਕੀਤੀ ਜਾ ਰਹੀ ਹੈ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਜੇ ਦੀਵਾਨ ਵਿੱਚ ਭਾਈ ਬਲਵੰਤ ਸਿੰਘ ਬਕਾਪੁਰ ਵਾਲਿਆਂ ਦੇ ਜਥੇ ਨੇ ਕੀਰਤਨ, ਗਿਆਨੀ ਬਲਕਾਰ ਸਿੰਘ, ਗੁਰੂ ਨਾਨਕ ਦਲ ਮੜੀਆਂ ਵਾਲੇ ਤੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਨੇ ਕਥਾ ਰਾਹੀਂ ਗੁਰ ਇਤਿਹਾਸ ਸਰਵਣ ਕਰਵਾਇਆ। ਨਿਰਵੈਰ ਖਾਲਸਾ ਕਵੀਸ਼ਰੀ ਜਥਾ ਤੇ ਭਾਈ ਅੰਮ੍ਰਿਤਪਾਲ ਸਿੰਘ ਘੁੰਮਣਾਂ ਦੇ ਢਾਡੀ ਜਥੇ ਨੇ ਬੀਰ ਰਸੀ ਵਾਰਾਂ ਗਾਇਨ ਕੀਤੀਆਂ। ਇਸ ਮੌਕੇ ਸੰਤ ਬਾਬਾ ਸੁੱਚਾ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਵਾਲੇ, ਜਥੇਦਾਰ ਬਾਬਾ ਨਾਗਰ ਸਿੰਘ ਤਰਨਾ ਦਲ ਹਰੀਆਂ ਵੇਲਾਂ ਵਾਲੇ, ਸੰਤ ਮਾਤਾ ਜਸਪ੍ਰੀਤ ਕੌਰ, ਸੁਆਮੀ ਬਾਬਾ ਹਰਨਾਮ ਸਿੰਘ ਮਾਹਿਲਪੁਰ ਬੁੰਗੇ ਵਾਲੇ, ਸੰਤ ਬਾਬਾ ਨਛੱਤਰ ਸਿੰਘ ਅਲਾਚੌਰ ਵਾਲੇ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਐੱਸ.ਜੀ.ਪੀ.ਸੀ. ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਡਾਕਟਰ ਜੰਗ ਬਹਾਦਰ ਸਿੰਘ ਰਾਏ ਮੈਂਬਰ ਐੱਸ.ਜੀ.ਪੀ.ਸੀ., ਬਾਬਾ ਸੁਖਵਿੰਦਰ ਸਿੰਘ ਅਗਵਾਨ (ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ), ਜਥੇਦਾਰ ਸਰਵਣ ਸਿੰਘ ਰਸਾਲਦਾਰ ਬੁੱਢਾ ਦਲ, ਜਥੇਦਾਰ ਪ੍ਰੇਮ ਸਿੰਘ ਸਮਰਾਏ,ਚੇਅਰਮੈਨ ਇੰਦਰਜੀਤ ਸਿੰਘ ਵਾਰੀਆ (ਏਕ ਨੂਰ ਸਵੈ-ਸੇਵੀ ਸੰਸਥਾ ਪਠਲਾਵਾ) ਸ. ਤਰਸੇਮ ਸਿੰਘ ਭਿੰਡਰ (ਪ੍ਰਿੰਸੀਪਲ ਐੱਸ ਐੱਨ ਕਾਲਜ ਬੰਗਾ), ਡਾ. ਕੁਲਵਿੰਦਰ ਸਿੰਘ ਢਾਹਾਂ (ਪ੍ਰਧਾਨ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ), ਬਾਬਾ ਨਰੰਗ ਸਿੰਘ ਮੰਜੀ ਸਾਹਿਬ ਨਵਾਂਸ਼ਹਿਰ, ਜਥੇਦਾਰ ਦਲੀਪ ਸਿੰਘ ਚਕਰ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ, ਬਾਬਾ ਸਤਨਾਮ ਸਿੰਘ ਵੱਲੀਆਂ ਪ੍ਰਧਾਨ ਧਾਰਮਿਕ ਵਿੰਗ, ਜਸਵੰਤ ਸਿੰਘ ਭੱਠਲ ਕਿਸਾਨ ਆਗੂ, ਸ. ਮੱਖਣ ਸਿੰਘ ਗਰੇਵਾਲ,ਪ੍ਰਧਾਨ ਗੁ. ਸਿੰਘ ਸਭਾ, ਮੋਹਣ ਲਾਲ ਸਾਬਕਾ ਐੱਮਐੱਲਏ ਬੰਗਾ, ਬਾਬਾ ਸੱਤਪਾਲ ਸਿੰਘ ਅੰਮ੍ਰਿਤਸਰੀ, ਹਰਵੇਲ ਸਿੰਘ ਸੈਣੀ, ਜੱਸੀ ਸਰਪੰਚ ਡਘਾਮ, ਠੇਕੇਦਾਰ ਸਰਬਜੀਤ ਸਿੰਘ, ਬਲਵੀਰ ਸਿੰਘ ਬਸਿਆਲਾ, ਤਰਲੋਕ ਸਿੰਘ ਬੀਆਂ ਵਾਲੇ, ਭਾਈ ਅਮਰਜੀਤ ਸਿੰਘ ਚਹੇੜੂ, ਬਾਬਾ ਮੁਖਤਿਆਰ ਸਿੰਘ (ਨੇਤਰਹੀਣ ਆਸ਼ਰਮ ਸਪਰੋੜ ਨੰਗਲ), ਸਰਪੰਚ ਇੰਦਰਪਾਲ ਸਿੰਘ ਮਹਿੰਗਰੋਵਾਲ, ਸਰਪੰਚ ਹਰਮੇਸ਼ ਲਾਲ ਲੱਡੂ ਚਾਹਲਪੁਰ, ਸ. ਤਰਲੋਕ ਸਿੰਘ ਨਾਗਪਾਲ ਆਦਿ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ। ਜਥੇਦਾਰ ਸਵਰਨਜੀਤ ਸਿੰਘ ਵੱਲੋਂ ਪਹੁੰਚੀਆਂ ਸਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


















# ਸੰਤ ਬਾਬਾ ਬਲਦੇਵ ਸਿੰਘ ਜੀ

## (ਦਮਦਮੀ ਟਕਸਾਲ ਜੋਗੇਵਾਲਾ ਵਾਲੇ)

**ਬਾਬਾ ਜੀ 24-8-2025 ਨੂੰ ਬਰਮਿੰਘਮ ਯੂਕੇ ਹਵਾਈ ਅੱਡੇ 'ਤੇ ਪਹੁੰਚੇ ਸਨ ਅਤੇ 9-9-22025 ਤੱਕ ਸਿੱਖੀ ਪ੍ਰਚਾਰ ਯਾਤਰਾ ਕਰਨਗੇ।**

**ਹੋਰ ਜਾਣਕਾਰੀ ਲਈ ਕਿਰਪਾ ਕਰਕੇ ਭਾਈ ਰਿੱਕੀ ਸਿੰਘ ਜੀ ਨਾਲ ਸੰਪਰਕ ਕਰੋ**

**07910726136**






### ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ

# ਬੱਚਿਆਂ ਨੂੰ ਪੜ੍ਹਾਈ ਦਾ ਸਮਾਨ ਮੁਹੱਈਆ ਕਰਵਾਏਗੀ : ਅਸ਼ੋਕ ਸੇਤੀਆ

ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ) :— ਇਲਾਕੇ ਵਿਚ ਸਮਾਜ ਸੇਵੀ ਕਾਰਜ ਕਰਦੀ ਆ ਰਹੀ ਵਰਦਾਨ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਦੀ ਹੰਗਾਮੀ ਮੀਟਿੰਗ ਪ੍ਰਧਾਨ ਅਸ਼ੋਕ ਸੇਤੀਆ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਜੁੜੇ ਵੱਡੀ ਗਿਣਤੀ ਸੁਸਾਇਟੀ ਆਗੂਆਂ ਨੇ ਆਉਣ ਵਾਲੇ ਦਿਨਾਂ ਵਿਚ ਕੀਤੇ ਜਾਣ ਵਾਲੇ ਸਮਾਜ ਸੇਵੀ ਕਾਰਜਾਂ ਤੇ ਵਿਚਾਰ—ਚਰਚਾ ਕੀਤੀ ਗਈ, ਜਿਸ ਉਪਰੰਤ ਸਕੂਲਾਂ ਵਿਚ ਪੜ੍ਹਦੇ ਬੱਚਿਆਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ ਅਤੇ ਇਸ ਦੌਰਾਨ ਸਰਬਸੰਮਤੀ ਨਾਲ ਨਿਰਣਾ ਲਿਆ ਗਿਆ ਕਿ ਲੋੜਵੰਦ ਬੱਚਿਆਂ ਨੂੰ ਪੜ੍ਹਾਈ ਲਈ ਜ਼ਰੂਰੀ ਵਸਤਾਂ ਮੁਹਇਆ ਕਰਵਾਈਆਂ ਜਾਣਗੀਆਂ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੁਸਾਇਟੀ ਪ੍ਰਧਾਨ ਅਸ਼ੋਕ ਸੇਤੀਆ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਲੋੜਵੰਦ ਬੱਚਿਆਂ ਨੂੰ ਪੜ੍ਹਾਈ ਵਿਚ ਸਹਾਈ ਸਮਾਨ ਦੇਣ ਦੇ ਨਾਲ—ਨਾਲ ਮੌਸਮ ਨੂੰ ਦੇਖਦੇ ਹੋਏ ਬੱਚਿਆਂ ਦੀ ਸਿਹਤ ਸੰਭਾਲ ਬਾਰੇ ਵੀ ਯੋਗ ਕਦਮ ਚੁੱਕੇ ਜਾਣਗੇ ਤਾਂ ਜ਼ੋ ਬੱਚੇ ਤੰਦਰੁਸਤ ਰਹਿ ਸਕਣ। ਮੀਟਿੰਗ ਦੌਰਾਨ ਸਕੱਤਰ ਤਰਸੇਮ ਗਰੋਵਰ ਅਤੇ ਅਨਮੋਲ ਧਵਨ ਖਜਾਨਚੀ ਨੇ ਬੋਲਦਿਆਂ ਕਿਹਾ ਕਿ ਸੁਸਾਇਟੀ ਵੱਲੋਂ ਜ਼ਰੂਰਤਮੰਦ ਬੱਚਿਆਂ ਦੀ ਹਰ ਪੱਖੋਂ ਮੱਦਦ ਕਰਨ ਦੇ ਨਾਲ—ਨਾਲ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਕਾਰਜ ਕੀਤੇ ਜਾਂਦੇ ਹਨ।


ਆਵਾਜ਼ਿ ਕੌਮ AWAZE QAUM International Newspaper & WEB TV



ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਅਤੇ

# ਸ਼ਹੀਦ ਸਿੰਘਾਂ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ













ਨਵੀਂ ਦਿੱਲੀ 25 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ-ਡੇਲਟਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ ਅਤੇ ਨਾਲ ਹੀ ਕੌਮ ਦੇ ਮਹਾਨ ਸ਼ਹੀਦ ਭਾਈ ਮੁਸੀਬਤ ਸਿੰਘ, ਸ਼ਹੀਦ ਭਾਈ ਜੁਗਰਾਜ ਸਿੰਘ ਸਮਾਲਸਰ, ਸ਼ਹੀਦ ਭਾਈ ਗੁਰਮੀਤ ਸਿੰਘ ਧੂਲਕੋਟ,

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਭਾਈ ਹਰਭਜਨ ਸਿੰਘ ਵੇਰਕਾ ਸਮੇਤ ਤਮਾਮ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ।ਇਸ ਮੌਕੇ ਪੰਥ ਪ੍ਰਸਿੱਧ ਢਾਡੀ ਜਥਾ ਭਾਈ ਗੁਰਭੇਜ ਸਿੰਘ ਜੌਹਲ ਨੇ ਉਚੇਚੇ ਤੌਰ ਤੇ ਸ਼ਹੀਦਾਂ ਦੇ ਜੀਵਨ ਉੱਪਰ ਸੰਗਤਾਂ ਨਾਲ ਸਾਂਝ ਪਾਈ ।ਪ੍ਰੋਗਰਾਮ ਵਿਚ ਕੈਲੀਫੋਰਨੀਆ ਤੋਂ ਭਾਈ ਅਮਨਦੀਪ ਸਿੰਘ ਅਤੇ ਦਲ ਖਾਲਸਾ ਦੇ ਭਾਈ ਹਰਚਰਨਜੀਤ ਸਿੰਘ ਧਾਮੀ ਵਿਸ਼ੇਸ਼ ਤੌਰ ਤੇ ਪੁੱਜੇ ਸਨ ਜਿਨ੍ਹਾਂ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸਿੱਖ ਰਾਜ ਦੀ ਸਥਾਪਤੀ ਲਈ ਸੰਘਰਸ਼ ਕਰ ਰਹੀਆਂ ਹਰ ਜਥੇਬੰਦੀ ਦਾ ਸਹਿਯੋਗ ਦੇਣਾ ਚਾਹੀਦਾ ਹੈ ਇਸ ਲਈ ਜਰੂਰੀ ਹੈ ਜੀ ਇਕ ਨਿਸ਼ਾਨ ਸਾਹਿਬ ਦੀ ਛੱਤਰਛਾਇਆ ਹੇਠ ਇਕੱਠਿਆ ਹੋਇਆ ਜਾਏ। ਦਲ ਖ਼ਾਲਸਾ ਦੇ ਭਾਈ ਹਰਚਰਨਜੀਤ ਸਿੰਘ ਧਾਮੀ ਨੇ ਕਿਹਾ ਕਿ ਨੌਜਵਾਨ ਕਮਰਕੱਸੇ ਕਰਨ ਅਤੇ ਅਜ਼ਾਦੀ ਦੇ ਸੰਘਰਸ਼ ਦੀ ਬਾਗਡੋਰ ਸਾਂਭਣ ।ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਭਾਈ ਅਮਨਦੀਪ ਸਿੰਘ ਅਤੇ ਭਾਈ ਹਰਚਰਨਜੀਤ ਸਿੰਘ ਧਾਮੀ ਜੀ ਦਾ ਸਨਮਾਨ ਕੀਤਾ ਗਿਆ ।ਪ੍ਰੋਗਰਾਮ ਦੀ ਸਮਾਪਤੀ ਉਪਰੰਤ ਇੰਨ੍ਹਾ ਨਾਲ ਪੰਥ ਨੂੰ ਮਿਲ ਰਹੀਆਂ ਚੁਣੌਤੀਆਂ ਬਾਬਤ ਵਿਸ਼ੇਸ਼ ਤੌਰ ਤੇ ਪੰਥਿਕ ਵਿਚਾਰਾਂ ਵੀ ਹੋਈਆਂ ਸਨ ।ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਭਾਈ ਗੁਰਮੀਤ ਸਿੰਘ ਜੀ ਤੂਰ, ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ ਵੀ ਪ੍ਰੋਗਰਾਮ ਵਿਚ ਉਚੇਚੇ ਤੌਰ ਤੇ ਮੌਜੂਦ ਸਨ ।ਗੁਰਦੁਆਰਾ ਸਾਹਿਬ ਵਿਖ਼ੇ ਕਰਵਾਏ ਗਏ ਇਨਾਂ ਸਮਾਗਮਾਂ ਵਿਚ ਸੈਂਕੜਿਆਂ ਦੀ ਗਿਣਤੀ ਵਿੱਚ ਸੰਗਤਾਂ ਹਾਜ਼ਿਰੀ ਭਰ ਕੇ ਗੁਰਬਾਣੀ ਜਸ ਸਰਵਣ ਕਰਦਿਆਂ ਗੁਰੂ ਨਾਲ ਜੁੜੇ ਸਨ ।ਭਾਈ ਗੁਰਮੀਤ ਸਿੰਘ ਤੂਰ ਅਤੇ ਭਾਈ ਨਰਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਪੰਥ ਲਈ ਅਦੁੱਤੀ ਸ਼ਹਾਦਤ ਦੇਣ ਵਾਲੇ ਅਮਰ ਸ਼ਹੀਦ ਭਾਈ ਦਿਲਾਵਰ ਸਿੰਘ ਦਾ ਸ਼ਹੀਦੀ ਦਿਹਾੜਾ 31 ਅਗਸਤ ਨੂੰ ਸੰਗਤਾਂ ਉਤਸ਼ਾਹ ਨਾਮ ਮਨਾਉਂਦੀਆ ਹਨ ਤੇ ਇਸ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ ਤੇ ਵਿਸ਼ੇਸ਼ ਪ੍ਰੋਗਰਾਮ ਉਲੀਕੇ ਜਾਂਦੇ ਹਨ ਜਿਸ ਵਿਚ ਵਡੀ ਗਿਣਤੀ ਅੰਦਰ ਹਾਜ਼ਿਰੀ ਭਰਕੇ ਸ਼ਹੀਦ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਣ ਲਈ ਸੰਗਤਾਂ ਨੂੰ ਅਪੀਲ ਕੀਤੀ ਜਾਂਦੀ ਹੈ ਤੇ ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ-ਡੇਲਟਾ ਵਿਖੇ ਵੀ ਵਿਸ਼ੇਸ਼ ਦੀਵਾਨ ਸਜਾਏ ਜਾਣਗੇ।

**ਸ਼ਹੀਦ ਭਾਈ ਦਿਲਾਵਰ ਸਿੰਘ ਦੇ ਸ਼ਹਾਦਤ ਦਿਹਾੜੇ ਮੌਕੇ ਹਰ ਗੁਰੂਘਰ ਵਿਚ ਕਰਵਾਏ ਜਾਣ ਵਿਸ਼ੇਸ਼ ਪ੍ਰੋਗਰਾਮ: ਭਾਈ ਤੂਰ/ਖਾਲਸਾ**

# ਵਿਧਾਇਕ ਡਾ.ਜਸਬੀਰ ਸੰਧੂ ਦੇ ਨਵੇਂ ਦਫਤਰ ਦੀ ਹੋਈ ਸ਼ੁਰੂਆਤ



**ਚੌਕ ਮਹਿਤਾ, 25 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਹਲਕਾ ਪੱਛਮੀ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਅਤੇ ਉਨ੍ਹਾਂ ਨੂੰ ਹੱਲ ਕਰਨ ਅਤੇ ਦੁੱਖ-ਸੁੱਖ ਵਿੱਚ ਸ਼ਾਮਿਲ ਹੋਣ ਲਈ ਅੱਜ ਹਲਕਾ ਪੱਛਮੀ ਦੇ ਐਮ.ਐਲ.ਏ ਡਾ.ਜਸਬੀਰ ਸਿੰਘ ਸੰਧੂ ਨੇ ਦਸਮੇਸ਼ ਐਵਿਨਿਊ ਪੁਰਾਣੀ ਚੁੰਗੀ ਛੇਹਰਟਾ ਵਿਖੇ ਅਪਣੇ ਨਵੇਂ ਦਫਤਰ ਦੀ ਸ਼ੁਰੂਆਤ ਕੀਤੀ ।ਇਸ ਮੌਕੇ ਗੁਰੂ ਮਹਾਰਾਜ ਜੀ ਦਾ ਓਟ ਆਸਰਾ ਲੈਂਦਿਆਂ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ।ਜਿਸ ਵਿੱਚ ਵੱਡੀ ਸੰਖਿਆ ਵਿੱਚ 'ਆਪ' ਦੇ ਸੀਨੀਅਰ ਆਗੂ,ਵਰਕਰ ਅਤੇ ਹਲਕਾ ਪੱਛਮੀ ਦੇ ਲੋਕ ਸ਼ਾਮਿਲ ਹੋਏ ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਅੰਮ੍ਰਿਤਸਰ ਦੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ,'ਆਪ' ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਪ੍ਰਭਬੀਰ ਸਿੰਘ ਬਰਾੜ,ਏ.ਸੀ.ਪੀ ਸ਼ਿਵ ਦਰਸ਼ਨ ਸਿੰਘ,ਕੌਂਸਲਰ ਸੁੱਖਬੀਰ ਕੌਰ ਪ੍ਰਧਾਨ ਮਾਝਾ ਮਹਿਲਾ ਵਿੰਗ ਨੇ ਵਿਧਾਇਕ ਡਾ.ਸੰਧੂ ਨੂੰ ਨਵੇਂ ਦਫਤਰ ਦੀ ਮੁਬਾਰਕਬਾਦ ਦਿੱਤੀ ।ਇਸ ਮੌਕੇ ਕੌਂਸਲਰ ਅਮਰਜੀਤ ਸਿੰਘ,ਸੰਦੀਪ ਸਿੰਘ,ਪ੍ਰਭ ਉੱਪਲ,ਵਿੱਕੀ ਖੰਨਾ,ਡਿੰਪਲ ਅਰੋੜਾ,ਗੁਰਦੇਵ ਜੱਜੀ,ਧਰਮਜੀਤ ਬੌਬੀ,ਕੌਂਸਲਰ ਵਿਜੇ ਭਗਤ,ਕੌਂਸਲਰ ਵਿਰਾਟ ਦੇਵਗਨ,ਕੌਂਸਲਰ ਸੁੱਖਬੀਰ ਸੋਨੀ,ਚੇਅਰਮੈਨ ਗੁਰਦੇਵ ਸਿੰਘ ਜੱਜੀ,ਅਮਰਜੀਤ ਸਿੰਘ ਵਾਲੀਆ,ਸਰਪੰਚ ਜਤਿੰਦਰ ਜੀਤੂ,ਅਮਨਦੀਪ ਸਿੰਘ,ਕੌਂਸਲਰ ਸਮਸ਼ੇਰ ਸੰਧੂ,ਸਮਾਜ ਸੇਵਕ ਰਣਜੀਤ ਸਿੰਘ ਗੋਲਡੀ ਗੁੰਮਟਾਲਾ,ਮਾਝਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪ੍ਰਿੰਸ ਗੁੰਮਟਾਲਾ,ਮਾਣ ਧੀਆਂ 'ਤੇ ਸੋਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ,ਬਾਵਾ ਸਿੰਘ ਭੋਮਾ,ਪਰਜਿੰਦਰ ਸਿੰਘ ਖਾਲਸਾ ਪ੍ਰਧਾਨ ਪੈਰਾਡਾਈਜ਼ ਵੈਲਫੇਅਰ ਸੋਸਾਇਟੀ,ਕੌਂਸਲਰ ਬੌਬੀ,ਜਗਵੰਤ ਸਿੰਘ ਗਮਾਨਪੁਰਾ,ਸਤਿੰਦਰ ਸਿੰਘ ਰੰਧਾਵਾ,ਜਥੇ.ਜਸਪਾਲ ਸਿੰਘ ਪੁਤਲੀਘਰ,ਉਘੇ ਸਮਾਜ ਸੇਵਕ ਜਸਵਿੰਦਰ ਬਾਵਾ,ਪੀ.ਏ ਮਾਧਵ ਸ਼ਰਮਾ,ਪੀ.ਏ ਅਮਰਜੀਤ ਸਿੰਘ,ਬਲਾਕ ਪ੍ਰਧਾਨ ਲਾਡੀ ਸਹੋਤਾ,ਹਲਕਾ ਪ੍ਰਭਾਰੀ ਹਰਪ੍ਰੀਤ ਸਿੰਘ ਬੇਦੀ,ਸੁਰਜੀਤ ਸਿੰਘ ਮੱਲੀ,ਸੀਨੀਅਰ ਪ੍ਰੈਸ ਰਿਪੋਰਟਰ ਕੰਵਲਜੀਤ ਸਿੰਘ ਵਾਲੀਆ,ਮੁੱਖਵਿੰਦਰ ਸਿੰਘ ਵਿਰਦੀ ਮੈਂਬਰ ਨਗਰ ਸੁਧਾਰ ਟਰੱਸਟ,ਵਰੁਣ ਰਾਣਾ ਮੀਡੀਆ ਇੰਚਾਰਜ,ਜਗਤਾਰ ਸਿੰਘ ਮਾਨ,ਹਰਜਿੰਦਰ ਸਿੰਘ ਬਾਠ,ਗੁਰਜਿੰਦਰ ਸਿੰਘ ਰਾਜਾ,ਗੁਰਿੰਦਰ ਪ੍ਰਿੰਸ,ਸੰਦੀਪ ਭਿੰਡਰ,ਜਸਬੀਰ ਨਿੱਕੀ,ਜਗਜੀਤ ਸਿੰਘ ਅਟਲਗੜ੍ਹ,ਪ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਦੇ ਅਕਾਲ ਚਲਾਣੇ ਨਾਲ ਕੌਮ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ: ਜਸਪ੍ਰੀਤ ਸਿੰਘ ਕਰਮਸਰ

ਨਵੀਂ ਦਿੱਲੀ, 25 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਹੈ ਕਿ ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਅਕਾਲ ਚਲਾਣੇ ਨਾਲ ਸਿੱਖ ਕੌਮ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਬਾਬਾ ਬਲਜਿੰਦਰ ਸਿੰਘ ਦਾ ਜੀਵਨ ਇਕ ਦਾਰਸ਼ਿਨਕ ਜੀਵਨ ਸੀ ਜਿਸ ਦੌਰਾਨ ਉਹਨਾਂ ਨੇ ਸੰਸਾਰ ਨੂੰ ਬਾਣੀ ਅਤੇ ਬਾਣੇ ਨਾਲ ਜੋੜਨ ਦਾ ਕੰਮ ਕੀਤਾ। ਉਹਨਾਂ ਕਿਹਾ ਕਿ ਸਭ ਤੋਂ ਵੱਡਮੁੱਲਾ ਕੰਮ ਉਹਨਾਂ ਨੇ ਈਸ਼ਰ ਮਾਈਕਰੋ ਮੀਡੀਆ ਰਾਹੀਂ ਕੀਤਾ ਜਿਸ ਰਾਹੀਂ ਉਹਨਾਂ ਮਹਾਨਕੋਸ਼ ਅਤੇ ਗੁਰਬਾਣੀ ਦੇ ਵੱਖ-ਵੱਖ ਗ੍ਰੰਥ ਜਿਹਨਾਂ ਵਿਚ ਦਸਮ ਗ੍ਰੰਥੀ, ਭਾਈ ਨੰਦ ਲਾਲ ਜੀ ਦੀਆਂ ਗਜ਼ਲਾਂ, ਤਵਾਰੀਖ ਖਾਲਸਾ ਨੂੰ ਉਹਨਾਂ ਨੇ ਡਿਜੀਟਲ ਰੂਪ ਪ੍ਰਦਾਨ ਕੀਤਾ। ਉਹਨਾਂ ਕਿਹਾ ਕਿ ਜਿੰਨੇ ਵੀ ਇਤਿਹਾਸਕਾਰ ਤੇ ਗੁਰਬਾਣੀ ਦੇ ਗਿਆਤਾ ਹਨ, ਬਾਬਾ ਬਲਜਿੰਦਰ ਸਿੰਘ ਜੀ ਨੇ ਉਹਨਾਂ ਨੂੰ ਈਸ਼ਰ ਮਾਈਕਰੋ ਮੀਡੀਆ ਨਾਲ ਜੋੜਿਆ। ਉਹਨਾਂ ਕਿਹਾ ਕਿ ਕੌਮ ਨੂੰ ਉਹਨਾਂ ਦੀ ਇਹ ਵੱਡੀ ਦੇਣ ਹੈ ਜਿਸ ਤੋਂ ਅੱਜ ਦੁਨੀਆਂ ਭਰ ਵਿਚ ਬੈਠੀਆਂ ਸੰਗਤਾਂ ਸੇਧ ਲੈ ਰਹੀਆਂ ਹਨ। ਉਹਨਾਂ ਕਿਹਾ ਕਿ ਉਹ ਦੁਨੀਆਂ ਵਿਦਿਆ ਦੇ ਨਾਲ-ਨਾਲ ਗੁਰਬਾਣੀ ਵਿਦਿਆ ਦੇ ਬਹੁ ਵੱਡਾ ਮਾਹਿਰ ਸਨ। ਉਹਨਾਂ ਕਿਹਾ ਕਿ ਲੰਬੇ ਸਮੇਂ ਤੋਂ ਉਹ ਕੀਰਤਨ ਦੇ ਦਰਬਾਰ ਸਜਾ ਰਹੇ ਸਨ। ਉਹਨਾਂ ਕਿਹਾ ਕਿ ਉਹਨਾਂ ਨੇ ਧਰਮ ਪ੍ਰਚਾਰ ਕਮੇਟੀ ਦਿੱਲੀ ਗੁਰਦੁਆਰਾ ਕਮੇਟੀ ਨਾਲ ਮਿਲ ਕੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਹਿਲਕਦਮੀ ਵਿਚ ਨੌਂਵੇਂ ਪਾਤਸ਼ਾਹ ਦੀ ਬਾਣੀ ਨੂੰ ਹਿੰਦੀ, ਇੰਗਲਿਸ਼, ਗੁਰਮੁਖੀ, ਬੰਗਾਲੀ, ਗੁਜਰਾਤੀ, ਮਰਾਠੀ ਅਤੇ ਡੋਗਰੀ ਭਾਸ਼ਾ ਵਿਚ ਅਨੁਵਾਦ ਕਰਵਾਇਆ। ਉਹਨਾਂ ਕਿਹਾ ਕਿ ਇਹ ਕੰਮ ਇਕ ਦਿਨ ਪਹਿਲਾਂ ਹੀ ਸੰਪੂਰਨ ਹੋਇਆ ਸੀ ਜਿਸਦਾ ਮਕਸਦ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਦੇਸ਼ ਤੇ ਦੁਨੀਆਂ ਵਿਚ ਘਰ ਘਰ ਪਹੁੰਚਾਈ ਜਾ ਸਕੇ। ਉਹਨਾਂ ਕਿਹਾ ਕਿ ਉਹਨਾਂ ਨਾਲ ਬਾਬਾ ਜੀ ਦਾ ਬਹੁਤ ਜ਼ਿਆਦਾ ਸਨੇਹ ਸੀ ਜਿਸ ਕਾਰਨ ਉਹਨਾਂ ਦੇ ਅਕਾਲ ਚਲਾਣੇ ਨਾਲ ਅੱਜ ਸਾਰਾ ਹੀ ਕਰਮਸਰ ਪਰਿਵਾਰ ਤੇ ਕੌਮ ਡੂੰਘੇ ਸਦਮੇ ਵਿਚ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿਹਤ ਵਿਭਾਗ ਵੱਲੋਂ ਲਗਾਇਆ ਆਯੁਰਵੈਦਿਕ ਅਤੇ ਹੋਮੀਓਪੈਥੀ ਫਰੀ ਮੈਡੀਕਲ ਕੈਂਪ



**ਚੌਕ ਮਹਿਤਾ, 25 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵੱਲੋਂ, ਜਿਲਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਡਾ ਦਿਨੇਸ਼ ਕੁਮਾਰ ਦੀ ਅਗਵਾਈ ਹੇਠ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਫਰੀ ਆਯੁਰਵੈਦਿਕ ਅਤੇ ਹੋਮਿਓਪੈਥੀ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਬਹੁਤ ਸਾਰੀਆਂ ਬਿਮਾਰੀਆਂ ਦਾ ਇਲਾਜ ਹੋਮੀਓਪੈਥੀ ਅਤੇ ਆਯੁਰਵੈਦਿਕ ਦਵਾਈਆਂ ਨਾਲ ਬੜੀ ਆਸਾਨੀ ਨਾਲ ਕੀਤਾ ਜਾ ਸਕਦਾ ਹੈ। ਇੱਥੋਂ ਤੱਕ ਕਿ ਕਈ ਤਰਾਂ ਦੀਆਂ ਕਰੋਨਿਕ ਬਿਮਾਰੀਆਂ ਦਾ ਇਲਾਜ ਵੀ ਇਹਨਾਂ ਦਵਾਈਆਂ ਰਾਹੀਂ ਸੰਭਵ ਹੋ ਸਕਦਾ ਹੈ। ਇਸੇ ਲਈ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਇਹ ਫਰੀ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਹੋਮਿਓਪੈਥੀ ਅਤੇ ਆਯੁਰਵੈਦਿਕ ਦਵਾਈਆਂ ਨਾਲ ਇਲਾਜ ਲਈ ਪ੍ਰੇਰਿਤ ਕੀਤਾ ਜਾ ਸਕੇ, ਕਿਉਂਕਿ ਹੋਮਿਓਪੈਥੀ ਅਤੇ ਆਯੁਰਵੈਦਿਕ ਦਵਾਈਆਂ ਦੇ ਬਿਲਕੁਲ ਸਾਈਡ ਇਫੈਕਟ ਨਹੀਂ ਹੁੰਦੇ ਅਤੇ ਪੁਰਾਤਨ ਸਮੇਂ ਤੋਂ ਇਹਨਾਂ ਵਿਧੀਆਂ ਰਾਹੀਂ ਆਮ ਬੀਮਾਰੀਆਂ ਦਾ ਇਲਾਜ ਕੀਤਾ ਜਾਦਾ ਰਿਹਾ ਹੈ। ਇਸ ਤੋਂ ਇਲਾਵਾ ਯੋਗ ਅਭਿਆਸ ਅਤੇ ਵੱਖ ਵੱਖ ਤਰਾਂ ਦੀਆਂ ਕਸਰਤਾਂ ਵੀ ਮਨੁੱਖੀ ਸਰੀਰ ਨੂੰ ਤੰਦਰੁਸਤ ਰੱਖਣ ਵਾਸਤੇ ਬਹੁਤ ਜ਼ਰੂਰੀ ਹਨ। ਇਸ ਅਵਸਰ ਤੇ ਸੀਨੀਅਰ ਮੈਡੀਕਲ ਅਫਸਰ ਡਾ ਸਵਰਨਜੀਤ ਧਵਨ, ਡਾ ਰਸ਼ਮੀ ਵਿੱਜ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਦੀਪ ਸਿੰਘ ਜੀ ਲੋਕ ਸੇਵਾ ਸੋਸਾਇਟੀ ਨੇ ਡੀ.ਆਈ.ਜੀ ਨਾਨਕ ਸਿੰਘ ਨਾਲ ਕੀਤੀ ਮੁਲਾਕਾਤ

**ਚੌਕ ਮਹਿਤਾ, 25 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਧੰਨ ਧੰਨ ਬਾਬਾ ਦੀਪ ਸਿੰਘ ਜੀ ਲੋਕ ਸੇਵਾ ਸੋਸਾਇਟੀ ਅੰਮ੍ਰਿਤਸਰ ਵੱਲੋਂ ਅੱਜ ਮੁੱਖ ਸੇਵਾਦਾਰ ਅਨਿਲ ਵਸ਼ਿਸ਼ਟ ਬੰਟੀ ਦੀ ਅਗਵਾਈ ਵਿਚ ਡੀ.ਆਈ.ਜੀ ਬਾਰਡਰ ਰੇਂਜ ਨਾਨਕ ਸਿੰਘ ਜੀ ਨਾਲ਼ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਜੀ ਆਇਆ ਆਖਿਆ ।ਇਸ ਮੌਕੇ ਪ੍ਰਧਾਨ ਅਨਿਲ ਵਸ਼ਿਸ਼ਟ ਬੰਟੀ ਅਤੇ ਦਵਿੰਦਰ ਸਿੰਘ ਨੇ ਕਿਹਾ ਕਿ ਸ.ਨਾਨਕ ਸਿੰਘ ਨੇ ਜਿਥੇ ਵੀ ਡਿਊਟੀ ਕੀਤੀ ਹੈ ਪੂਰੀ ਇਮਾਨਦਾਰੀ ਨਾਲ ਕੀਤੀ ਹੈ ਅਤੇ ਆਪਣਾ ਫਰਜ਼ ਪੂਰੀ ਤਨਦੇਹੀ ਨਾਲ ਨਿਭਾਇਆ ਹੈ ।ਉਨ੍ਹਾਂ ਕਿਹਾ ਕੀ ਸਾਡੀ ਸੋਸਾਇਟੀ ਨਸ਼ਿਆਂ ਦੇ ਵਿਰੁੱਧ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿਮ ਵਿਚ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰੇਗੀ ।ਇਸ ਮੌਕੇ ਪ੍ਰਧਾਨ ਬੰਟੀ ਵਸ਼ਿਸ਼ਟ ਨੇ ਸੋਸਾਇਟੀ ਵੱਲੋਂ ਸਮੇਂ-ਸਮੇਂ 'ਤੇ ਲਗਾਏ ਜਾਂਦੇ ਮੈਡੀਕਲ,ਖ਼ੂਨਦਾਨ ਕੈਂਪਾਂ ਅਤੇ ਹੋਰ ਸਮਾਜ ਸੇਵੀਂ ਕਾਰਜਾਂ ਅਤੇ ਧਾਰਮਿਕ ਸਮਾਗਮਾਂ ਸੰਬੰਧੀ ਡੀ.ਆਈ.ਜੀ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ।



ਆਵਾਜ਼ਿ ਕੌਮ AWAZE QAUM International Newspaper & WEB TV

### ਆਪ ਆਗੂ ਮਨੀਸ਼ ਸਸੋਦੀਆ ਵਿਰੁੱਧ ਕਾਰਵਾਈ ਕਰਨ ਸਬੰਧੀ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ

# ਆਸ਼ੂ ਬੰਗੜ ਦੀ ਅਗਵਾਈ ਵਿੱਚ ਕਾਂਗਰਸੀਆਂ ਨੇ ਸੌਂਪਿਆ ਮੰਗ ਪੱਤਰ



ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ) :— ਆਪ ਆਗੂ ਮਨੀਸ਼ ਸਿਸੋਦੀਆ ਵੱਲੋਂ ਭੜਕਾਊ ਅਤੇ ਗੈਰ ਕਾਨੂੰਨੀ ਭਾਸ਼ਨ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਲਈ ਹਲਕਾ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਕਾਂਗਰਸ ਪਾਰਟੀ ਫਿਰੋਜਪੁਰ ਦਿਹਾਤੀ ਤੇ ਯੋਗ ਅਗਵਾਈ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੀ ਕਾਂਗਰਸ ਲੀਡਰਸ਼ਿਪ ਵੱਲੋਂ ਡਿਪਟੀ ਕਮਿਸ਼ਨਰ ਫਿਰੋਜਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਆਸ਼ੂ ਬੰਗੜ, ਸੀਨੀਅਰ ਆਗੂ ਗੁਰਦੀਪ ਸਿੰਘ ਢਿੱਲੋਂ ਗੁਰੂਹਰਸਹਾਇ, ਜਿਲਾ ਸੀਨੀਅਰ ਮੀਤ ਪ੍ਰਧਾਨ ਬਲਜੀਤ ਕੌਰ ਬੰਗੜ, ਸਰਬਜੀਤ ਕੌਰ ਬਰਾੜ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਨੇ ਕਿਹਾ ਕਿ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਜਿਲਾ ਪ੍ਰਧਾਨ ਕੁਲਬੀਰ ਸਿੰਘ ਜੀਰਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਇਹ ਮੰਗ ਪੱਤਰ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਦਿੱਤਾ ਗਿਆ ਹੈ। ਉਕਤ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀ ਆਪ ਆਗੂ ਮਨੀਸ਼ ਸਸੋਦੀਆ ਵੱਲੋਂ ਵਰਕਰਾਂ ਨਾਲ ਮੀਟਿੰਗ ਕਰਦੇ ਸਮੇਂ ਭੜਕਾਓ ਅਤੇ ਗੈਰ ਕਾਨੂੰਨੀ ਭਾਸ਼ਣ ਦਿੱਤਾ ਗਿਆ ਸੀ ਜਿਸ ਵਿੱਚ ਕਹਿੰਦੇ ਹਨ ਕਿ 2027 ਦੀਆਂ ਚੋਣਾਂ ਆਮ ਆਦਮੀ ਪਾਰਟੀ ਨੂੰ ਜਿਤਾਉਣ ਲਈ ਸਾਮ ਦਾਮ ਦੰਡ ਭੇਤ ਸਚ ਝੂਠ ਪ੍ਰਸ਼ਨ ਉਤਰ ਲੜਾਈ ਝਗੜਾ ਜੇ ਕਰਨਾ ਪਿਆ ਤਾਂ ਕਰਾਂਗੇ ਕੀ ਤੁਸੀਂ ਤਿਆਰ ਹੋ, ਜੋਸ਼ ਦੇ ਨਾਲ ਆਪ ਸਭ ਨੇ ਦੇਖਿਆ ਹੋਣਾਂ ਕਿਸ ਤਰ੍ਹਾਂ ਵੀਡਿਓ ਵਿੱਚ ਕਿਵੇਂ ਵਰਕਰਾਂ ਨੂੰ ਹਿੰਸਾ ਅਤੇ ਲੜਾਈ ਕਰਨ ਲਈ ਉਕਸਾਇਆ ਜਾ ਰਿਹਾ ਹੈ ਅਤੇ ਚੋਣ ਪ੍ਰਕਿਰਿਆ ਵਿੱਚ ਬੇਈਮਾਨੀ ਅਤੇ ਹੇਰਾਫੇਰੀ ਨੂੰ ਪ੍ਰੋਤਸਹਿਤ ਕੀਤਾ ਜਾ ਰਿਹਾ ਹੈ ਜੋ ਕੀ ਭਾਰਤ ਦੇ ਸੰਵਿਧਾਨ ਦੁਆਰਾ ਨਿਰਪੱਖ ਚੋਣਾਂ ਦੀ ਪਵਿੱਤਰਤਾ ਨੂੰ ਖਤਮ ਕਰਨ ਦੀ ਸਿੱਧੇ ਤੌਰ ਤੇ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਕਤ ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਕਦੇ ਵੀ ਇਨ੍ਹਾਂ ਦੀਆਂ ਮਾਰੂ ਨੀਤੀਆਂ ਸਫਲ ਨਹੀਂ ਹੋਣ ਦੇਵੇਗੀ ਅਤੇ ਡੱਟ ਕੇ ਵਿਰੋਧ ਕਰੇਗੀ, ਜਿਸ ਦੇ ਸਬੰਧ ਵਿੱਚ ਅੱਜ ਡਿਪਟੀ ਕਮਿਸ਼ਨਰ ਫਿਰੋਜਪੁਰ ਨੂੰ ਆਪ ਆਗੂ ਮਨੀਸ਼ ਸਿਸੋਦੀਆ ਖਿਲਾਫ ਕਾਨੂੰਨੀ ਕਾਰਵਾਈ ਕਰਨ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਸਤਨਾਮ ਸਿੰਘ ਫਰੀਦੇਵਾਲ਼ਾ, ਲਖਵਿੰਦਰ ਸਿੰਘ ਜੰਬਰ, ਮਨੀਸ਼ ਸੁਲਹਾਣੀ ਜ਼ਿਲਾ ਮੀਤ ਪ੍ਰਧਾਨ, ਪਲਵਿੰਦਰ ਕੌਰ ਸੋਢੀ ਨਗਰ, ਹਰਮਨ ਸੰਧੂ ਸਾਈਆਂ ਵਾਲਾ, ਜੋਬਨਜੀਤ ਸਿੰਘ ਧਾਲੀਵਾਲ ਜਿਲਾ ਸਕੱਤਰ, ਨੀਟਾ ਸੋਢੀ, ਬਲਾਕ ਪ੍ਰਧਾਨ ਅਮਰੀਕ ਸਿੰਘ ਬਾਬਾ, ਜਗਜੀਤ ਸਿੰਘ ਭੋਲੂਵਾਲਾ, ਗੁਰਸੇਵਕ ਸਿੰਘ ਸੈਣੀ, ਰਾਜ ਕੁਮਾਰ ਸ਼ਰਮਾ, ਭੁਪਿੰਦਰ ਸਿੰਘ ਭੋਲੂਵਾਲਾ, ਸੁਖਵਿੰਦਰ ਸਿੰਘ ਅਟਾਰੀ ਬਲਾਕ ਪ੍ਰਧਾਨ ਫਿਰੋਜ਼ਪੁਰ ਸ਼ਹਿਰੀ, ਯੂਥ ਕਾਂਗਰਸ ਜ਼ਿਲਾ ਪ੍ਰਧਾਨ ਯਾਕੂਬ ਭੱਟੀ, ਕੁਲਬੀਰ ਸਿੰਘ ਠੇਠਰ ਕਲਾਂ, ਲਵਲੀ ਠੇਠਰ ਕਲਾ, ਕਮਲ ਸੰਧੂ, ਸਰਪੰਚ ਮੁਖਤਿਆਰ ਸਿੰਘ, ਬੋੜ ਸਿੰਘ ਮੱਤੜ, ਬਲਾਕ ਪ੍ਰਧਾਨ ਭੀਮ ਕੰਬੋਜ ਗੁਰੂਹਰਸਹਾਏ, ਰਿੰਪਾ ਭਾਲਾ ਫਰਾਰੇ ਮੱਲ, ਬਲਵਿੰਦਰ ਸਿੰਘ ਸੋਢੀਨਗਰ, ਦੀਪੂ ਗੋਲੂ ਕੇ, ਮਨਦੀਪ ਪਿੰਡੀ, ਬਿਕਰਮਜੀਤ ਸਿੰਘ, ਗੁਰਪ੍ਰੀਤ ਸਿੰਘ ਸੈਦੇ ਕੇ, ਪ੍ਰਧਾਨ ਕਾਕਾ ਬਾਜੇ ਕੇ, ਸਰਪੰਚ ਦੀਦਾਰ ਸਿੰਘ, ਮਨਦੀਪ ਅਨਾਰਕਲੀ, ਜਸਮੋਹਿਤ ਸਿੰਘ ਲੋਹਗੜ, ਕਸ਼ਮੀਰ ਸਿੰਘ ਲੋਹਗੜ, ਸੁਖਬੀਰ ਸਿੰਘ, ਸਮਰਦੀਪ ਸਿੰਘ ਸਿੱਧੂ ਸੱਪਾਂਵਾਲੀ, ਚੇਅਰਮੈਨ ਤਰਸੇਮ ਅਟਵਾਲ ਕੇਕੇਸੀ ਜਿਲਾ ਫਿਰੋਜ਼ਪੁਰ, ਗੋਪੀ ਔਲਖ਼, ਜਗਸੀਰ ਸਿੰਘ ਲੋਹਗੜ, ਰਣਧੀਰ ਸਿੰਘ ਧੀਰਾ, ਗੁਰਮੀਤ ਸਿੰਘ ਫਿਰੋਜਸ਼ਾਹ, ਰਘਬੀਰ ਸਿੰਘ, ਸੁਰਜੀਤ ਸਿੰਘ ਤਾਰੇਵਾਲਾ, ਗੁਰਨਾਮ ਸਿੰਘ ਤਾਰੇਵਾਲਾ, ਪ੍ਰੀਤਪਾਲ ਤਾਰੇਵਾਲਾ, ਗੁਰਪ੍ਰੀਤ ਸਿੰਘ ਅਲਫੂਕੇ, ਗੁਰਜੰਟ ਸਿੰਘ ਦਿਲਾਰਾਮ, ਅਮਰ ਸਿੰਘ ਸਰਪੰਚ ਦਿਲਾਰਾਮ, ਮਨਪ੍ਰੀਤ ਸਿੰਘ ਕੋਹਰ ਸਿੰਘ ਵਾਲਾ ਸਰਪੰਚ, ਬਲਰਾਜ ਸਿੰਘ ਨੰਬਰਦਾਰ ਰੁਕਨਾ ਬੇਗੂ, ਹਰਦੀਪ ਸਿੰਘ ਕੋਹਰ ਸਿੰਘ ਵਾਲਾ, ਸਾਬਕਾ ਸਰਪੰਚ ਰਵਿੰਦਰ ਸਿੰਘ ਤੂਤ ਆਦਿ ਹਾਜ਼ਰ ਸਨ।

### ਕੌਂਸਲ ਨੇ ਮਨਾਇਆ ਸੀਨੀਅਰ ਸਿਟੀਜਨ ਡੇ

# ਸੁਪਰ ਸੀਨੀਅਰ ਮੈਂਬਰਾਂ ਨੂੰ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਕੌਂਸਲ ਹਰ ਸਾਲ ਦੀ ਤਰ੍ਹਾਂ ਆਪਣੀ ਰਿਵਾਇਤ ਅਨੁਸਾਰ ਸੀਨੀਅਰ ਸਿਟੀਜਨ ਦਿਵਸ ਬੜੀ ਧੂਮ—ਧਾਮ ਨਾਲ ਮਨਾਇਆ। ਇਸ ਮੌਕੇ ਸਰਵਸ਼੍ਰੀ ਓਮ ਪ੍ਰਕਾਸ਼ ਬਜਾਜ, ਮਦਨ ਲਾਲ ਤਿਵਾੜੀ, ਮਨੋਹਰ ਲਾਲ ਢੀਗੜਾ, ਰਾਮ ਚੰਦ ਬਿੰਦਰਾ, ਰਿਖੀਰਾਮ ਪਲਟਾ ਅਤੇ ਗੁਰਚਰਨ ਸਿੰਘ ਸੇਠੀ ਨੂੰ ਸੁਪਰ ਸੀਨੀਅਰ ਸਿਟੀਜਨ ਹੋਣ ਕਾਰਨ ਵਿਸ਼ੇਸ਼ ਤੌਰ ਤੇ ਸੱਦਾ ਦਿੱਤਾ ਗਿਆ ਸੀ ਤਾਂ ਜੋ ਉਹਨਾਂ ਦਾ ਸਨਮਾਨ ਕੀਤਾ ਜਾ ਸਕੇ। ਇਸ ਮੌਕੇ ਸ਼੍ਰੀ ਓਮ ਪ੍ਰਕਾਸ਼ ਬਜਾਜ ਬਤੌਰ ਮੁੱਖ ਮਹਿਮਾਨ ਅਤੇ ਸ੍ਰੀ ਕੁਲਬੀਰ ਸਿੰਘ ਸੋਡੀ ਸੀਨੀਅਰ ਪੱਤਰਕਾਰ ਰੋਜ਼ਾਨਾ ਅਜੀਤ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਮੀਟਿੰਗ ਦਾ ਆਗਾਜ਼ ਕਰਦੇ ਹੋਏ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ. ਸ਼ਰਮਾ ਨੇ ਆਏ ਮਹਿਮਾਨਾਂ, ਕੌਂਸਲ ਔਹਦੇਦਾਰਾਂ ਅਤੇ ਮੈਂਬਰਾਂ ਦਾ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਅਤੇ ਉਨ੍ਹਾਂ ਦਾ ਇਸ ਉਤਸਵ ਲਈ ਆਉਣ ਲਈ ਧੰਨਵਾਦ ਕੀਤਾ ਕਿਉਂਕਿ ਉਹ ਆਪਣਾ ਕੀਮਤੀ ਸਮਾਂ ਕੱਢ ਕੇ ਇਸ ਉਤਸਵ ਦੀ ਸ਼ੋਭਾ ਵਧਾਉਣ ਲਈ ਪੁੱਜੇ ਹਨ। ਸੀਨੀਅਰ ਸਿਟੀਜਨ ਦਿਵਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜਨ ਡੇ 1991 ਤੋਂ ਦੋਹਾਂ ਪੀੜੀਆਂ ਵਿੱਚ ਵਾਧੇ ਫਾਸਲੇ ਨੂੰ ਮੁੱਖ ਰੱਖਦੇ ਹੋਏ ਮਨਾਇਆ ਜਾਣਾ ਸ਼ੁਰੂ ਹੋਇਆ ਸੀ, ਜਿਸ ਵਿੱਚ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਉਹ ਆਪਣੇ ਬਜ਼ੁਰਗ ਮਾਤਾ, ਪਿਤਾ, ਦਾਦਾ, ਦਾਦੀ, ਨਾਨਾ, ਨਾਨੀ ਦਾ ਮਾਨ ਸਨਮਾਨ ਕਰਨ ਅਤੇ ਕਿਸੇ ਵੀ ਬਜ਼ੁਰਗ ਨੂੰ ਬਿਰਧ ਆਸ਼ਰਮ ਭੇਜਣ ਦੀ ਨੌਬਤ ਨਾ ਆਉਣ ਦੇਣ। ਉਨ੍ਹਾਂ ਕਿਹਾ ਕਿ ਬਜ਼ੁਰਗ ਆਪਣੇ ਬੱਚਿਆਂ ਤੋਂ ਮੰਗ ਕੁਝ ਵੀ ਨਹੀਂ ਕਰਦੇ ਪਰ ਚਾਹੁੰਦੇ ਹਨ ਕਿ ਉਨ੍ਹਾਂ ਦੇ ਬੱਚੇ ਰੋਜ਼ਾਨਾ ਕੁਝ ਮਿੰਟ ਉਨ੍ਹਾਂ ਦੇ ਕੋਲ ਬੈਠ ਕੇ ਉਨ੍ਹਾਂ ਨਾਲ ਗੱਲਬਾਤ ਕਰਨ, ਪਰ ਇਸ ਰੁਝੇਵਿਆਂ ਭਰੀ ਜ਼ਿੰਦਗੀ ਵਿੱਚ ਇਹ ਸਮਾਂ ਕੱਢਣਾ ਵੀ ਮੁਸ਼ਿਕਲ ਹੁੰਦਾ ਜਾ ਰਿਹਾ। ਉਨ੍ਹਾਂ ਕਿਹਾ ਕਿ ਕੌਂਸਲ ਵਿੱਚ ਬੜੇ ਉੱਚ ਕੋਟੀ ਦੇ ਕਲਾਕਾਰ ਹਨ ਜੋ ਇਸ ਪਲੇਟਫਾਰਮ ਤੇ ਬਹੁਤ ਵਧੀਆ ਗੀਤ ਚੁਟਕਲੇ ਕਹਾਣੀਆਂ ਕਵਿਤਾਵਾਂ ਸੁਣਾ ਕੇ ਸੀਨੀਅਰ ਸਿਟੀਜਨ ਦੋਸਤਾਂ ਦਾ ਮਨ ਪਰਚਾਵਾ ਕਰਦੇ ਹਨ। ਇਸ ਮੌਕੇ ਤੇ ਸਰਵਸ੍ਰੀ ਮਨੋਹਰ ਲਾਲ ਢੀਗੜਾ, ਵਰਿੰਦਰ ਸ਼ਰਮਾ, ਪ੍ਰੇਮ ਨਾਥ, ਦਵਿੰਦਰ ਵੋਹਰਾ, ਦਾਸ ਕੁਮਾਰ ਗੁਲਾਟੀ, ਰਾਧੇ ਮੋਹਨ ਅਤੇ ਸ਼ਿਵਦਰਸ਼ਨ ਕੁਮਾਰ ਗੱਖੜ ਨੇ ਆਪਣੇ ਗੀਤਾਂ ਨਾਲ ਸਮਾਂ ਬੰਨ ਦਿੱਤਾ ਅਤੇ ਸ੍ਰੀ ਮਨਜੀਤ ਸਿੰਘ ਵੱਲੋਂ ਚੁਟਕਲਿਆਂ ਦੀ ਬਰਸਾਤ ਕਰ ਦਿੱਤੀ ਗਈ, ਜਿਸ ਨਾਲ ਹਾਜ਼ਰ ਮੈਂਬਰਾਂ ਦੇ ਚਿਹਰੇ ਤੇ ਖ਼ੁਸ਼ੀ ਸਾਫ ਚਲ ਰਹੀ ਸੀ। ਸ੍ਰੀ ਕੁਲਬੀਰ ਸਿੰਘ ਸੋਡੀ ਨੇ ਬੋਲਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਸੀਨੀਅਰ ਸਿਟੀਜਨ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਯੋਗ ਲੱਗਾ ਹੈ। ਸ੍ਰੀ ਮਦਨ ਲਾਲ ਤਿਵਾੜੀ ਨੇ ਆਪਣੇ ਸੁਨੇਹੇ ਵਿੱਚ ਦੁੱਖ—ਸੁੱਖ ਵਿੱਚ ਇਕ ਦੂਸਰੇ ਦਾ ਸਾਥ ਦੀ ਗੱਲ ਕੀਤੀ। ਇਸ ਮੌਕੇ ਮੁੱਖ ਮਹਿਮਾਨ ਸ੍ਰੀ ਓਮ ਪ੍ਰਕਾਸ਼ ਬਜਾਜ ਵਿਸ਼ੇਸ਼ ਮਹਿਮਾਨ ਸ੍ਰੀ ਕੁਲਬੀਰ ਸਿੰਘ ਸੋਢੀ ਅਤੇ ਕੌਂਸਲ ਦੇ ਪ੍ਰਧਾਨ ਚੇਅਰਮੈਨ ਸ੍ਰੀ ਪੀ.ਡੀ ਸ਼ਰਮਾ ਅਤੇ ਅਜੀਤ ਸਿੰਘ ਵੱਲੋਂ ਸੁਪਰ ਸੀਨੀਅਰ ਮੈਂਬਰਾਂ ਨੂੰ ਸਰੋਪੇ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਸਮਾਗਮ ਵਿੱਚ ਆਏ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਨੂੰ ਪ੍ਰਧਾਨ, ਚੇਅਰਮੈਨ ਅਤੇ ਕੌਂਸਲ ਅਹੁਦੇਦਾਰਾਂ ਵਲੋਂ ਸਰੋਪੇ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਸਵਰਨ ਸਿੰਘ ਸ਼ਹਾਨਾ ਨੇ ਸਟੇਜ ਨੂੰ ਬੜੇ ਵਧੀਆ ਢੰਗ ਨਾਲ ਚਲਾਉਂਦੇ ਹੋਏ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਾਂ ਤੋਂ ਇਲਾਵਾ ਵਿਨੋਦ ਗਰੋਵਰ, ਮੱਖਣ ਲਾਲ, ਸੁਰਯ ਪ੍ਰਕਾਸ਼, ਦੀਪ ਚੰਦ, ਅੰਮ੍ਰਿਤ ਸੋਡੀ, ਅਵਤਾਰ ਸਿੰਘ ਅਤੇ ਸਮੂਹ ਮੈਂਬਰਾਂ ਵੱਲੋਂ ਆਏ ਮਹਿਮਾਨਾਂ ਦੀ ਖਾਤਰਦਾਰੀ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ। ਸਮਾਗਮ ਦੀ ਸਮਾਪਤੀ ਉਪਰੰਤ ਸਭ ਨੇ ਇਕੱਠੇ ਬੈਠ ਕੇ ਤੇ ਖਾਣ ਪੀਣ ਦਾ ਆਨੰਦ ਲਿਆ।

## ਫ਼ਿਰੋਜ਼ਪੁਰ ਵਿਖੇ ਬਾਬਾ ਵਡਭਾਗ ਸਿੰਘ ਦੇ ਮਨਾਏ ਜਾ ਰਹੇ ਜਨਮ ਦਿਨ ਦਾ ਸਿੱਖ ਜਥੇਬੰਦੀਆਂ ਨੇ ਕੀਤਾ ਵਿਰੋਧ—ਐਸ.ਐਸ.ਪੀ ਨੂੰ ਦਿੱਤਾ ਮੰਗ ਪੱਤਰ




**ਫ਼ਿਰੋਜ਼ਪੁਰ, 25 ਅਗਸਤ (ਮਨੋਹਰ ਲਾਲ) :—** ਸ੍ਰੀ ਅਕਾਲ ਤਖਤ ਸਾਹਿਬ ਤੋਂ ਛੇਕੇ ਬਾਬਾ ਵਡਭਾਗ ਸਿੰਘ ਦੇ ਮਨਾਏ ਜਾ ਰਹੇ ਜਨਮ ਦਿਹਾੜੇ ਨੂੰ ਲੈ ਕੇ ਇਲਾਕੇ ਦੀਆਂ ਸਿੱਖ ਜਥੇਬੰਦੀਆਂ ਵੱਲੋਂ ਐਸ.ਐਸ.ਪੀ ਫ਼ਿਰੋਜ਼ਪੁਰ ਨੂੰ ਦਿੱਤਾ ਇਕ ਮੰਗ ਪੱਤਰ। ਇਸ ਸਬੰਧੀ ਗੱਲਬਾਤ ਕਰਦਿਆਂ ਲਖਬੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਤੇ ਸਾਥੀਆਂ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਬਾਬਾ ਵਡਭਾਗ ਸਿੰਘ ਨੂੰ ਛੇਕਿਆ ਹੋਇਆ ਹੈ, ਜ਼ੋ ਕਿ ਧੀਰ ਮੱਲ ਦੀ ਪੰਜਵੀਂ ਗੱਦੀ ਦਾ ਵਾਰਸ ਹੈ ਅਤੇ ਸਿੱਖ ਰਹਿਤ ਮਰਿਆਦਾ ਵਿਚ ਲਿਖਿਆ ਹੈ ਕਿ ਕਿਸੇ ਨੇ ਧੀਰ ਮੱਲੀਆਂ ਨਾਲ ਰੋਟੀ ਸਾਂਝ ਨਹੀਂ ਕਰਨੀ, ਪਰ ਫਿਰ ਵੀ ਬਾਬਾ ਵਡਭਾਗ ਸਿੰਘ ਦਾ ਜਨਮ ਦਿਨ ਇਕ ਸਤੰਬਰ 2025 ਨੂੰ ਫ਼ਿਰੋਜ਼ਪੁਰ ਦੀ ਦਾਣਾ ਮੰਡੀ ਜ਼ੀਰਾ ਗੇਟ ਅਤੇ ਬਸਤੀ ਨਿਜਾਮਦੀਨ ਵਿਚ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਾਬਾ ਬੇਅੰਤ ਸਿੰਘ ਆਪਣੇ ਘਰ ਬਾਹਰਵਾਰ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਚ ਗੱਦੀ ਲਗਾਉਂਦਾ ਹੈ, ਜ਼ੋ ਸਿੱਖ ਰਹਿਤ ਮਰਿਆਦਾ ਅਨੁਸਾਰ ਜਿਹੜਾ ਵਿਅਕਤੀ ਆਪਣੇ ਘਰ ਵਿਚ ਪੂਜਾ ਕਰਦਾ ਹੋਵੇ, ਉਸ ਦੇ ਘਰ ਵਿਚ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਪ੍ਰਕਾਸ਼ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਬਾਬਾ ਬਲਵਿੰਦਰ ਸਿੰਘ ਵੀ ਆਪਣੇ ਘਰ ਵਿਚ ਗੱਦੀ ਲਗਾਉਂਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਅਕਤੀਆਂ ਵਿਰੁੱਧ ਪੁਲਿਸ ਪ੍ਰਸ਼ਾਸਨ ਵੱਲੋਂ ਸਮੂਹ ਸਿੱਖ ਜਥੇਬੰਦੀਆਂ ਵੱਲੋਂ ਇਕ ਮੰਗ ਪੱਤਰ ਦਿੱਤਾ ਗਿਆ ਹੈ ਅਤੇ ਮੰਗ ਕੀਤੀ ਗਈ ਹੈ ਕਿ ਇਨ੍ਹਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਇਨ੍ਹਾਂ ਨੂੰ ਅਜਿਹੇ ਸਮਾਗਮ ਕਰਾਉਣ ਤੇ ਪਾਬੰਦੀ ਲਗਾਈ ਜਾਵੇ ਤਾਂ ਜ਼ੋ ਇਲਾਕੇ ਦੀ ਅਮਨ ਸ਼ਾਂਤੀ ਬਣੀ ਰਹੇ। ਗੱਲਬਾਤ ਕਰਦਿਆਂ ਲਖਬੀਰ ਸਿੰਘ ਮਹਾਲਮ ਨੇ ਕਿਹਾ ਕਿ ਜੇਕਰ ਇਥੇ ਮਾਹੌਲ ਖਰਾਬ ਹੁੰਦਾ ਹੈ ਤਾਂ ਉਸ ਦੀ ਜਿੰਮੇਵਾਰੀ ਉਕਤ ਅਖੌਤੀ ਬਾਬਿਆਂ ਦੀ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਤੇ ਉਨ੍ਹਾਂ ਦੇ ਸਾਥੀ ਕੁਲਦੀਪ ਸਿੰਘ ਨੰਢਾ, ਬਾਬਾ ਸਤਨਾਮ ਸਿੰਘ ਵੱਲੀਆ ਇੰਟਰਨੈਸ਼ਨਲ ਪੰਥਕ ਦਲ, ਬੇਅੰਤ ਸਿੰਘ, ਜਗਤਾਰ ਸਿੰਘ, ਜਰਨੈਲ ਸਿੰਘ ਸਰਬੱਤ ਦਾ ਭਲਾ, ਲਖਬੀਰ ਸਿੰਘ ਨੰਬਰਦਾਰ ਮਹਾਲਮ ਜ਼ਿਲ੍ਹਾ ਪ੍ਰਧਾਨ ਏਕ ਨੂਰ ਖਾਲਸਾ ਪੰਥ, ਸਤਨਾਮ ਸਿੰਘ, ਬਲਕਾਰ ਸਿੰਘ, ਸੁਖਦੇਵ ਸਿੰਘ, ਸੇਵਾ ਸਿੰਘ, ਬਲਕਾਰ ਸਿੰਘ, ਬਲਵੰਤ ਸਿੰਘ, ਅਮਰੀਕ ਸਿੰਘ, ਜ਼ਸਵੀਰ ਸਿੰਘ, ਸੇਵਾ ਸਿੰਘ, ਸਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਬੇਟੀ ਦਾ ਬੇਵਕਤ ਵਿਛੋੜਾ ਬੇਹੱਦ ਦੁੱਖਦਾਈ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਅਕਾਲੀ ਆਗੂ ਸਿੱਖ ਪੰਥ ਦੀ ਬਹੁਤ ਸਤਿਕਾਰਤ ਸ਼ਖ਼ਸੀਅਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪਿਆਰੀ ਬੇਟੀ ਬੀਬਾ ਗੁਰਮਨ ਕੌਰ ਦੇ ਬੇਵਕਤ ਬਹੁਤ ਛੋਟੀ ਉਮਰ ਵਿੱਚ ਪਰਿਵਾਰ ਤੇ ਸੰਬੰਧੀਆਂ ਨੂੰ ਸਦੀਵੀ ਵਿਛੋੜਾ ਦੇ ਜਾਣ ਤੇ ਹਲਕਾ ਧੂਰੀ ਦੇ ਸਰੋਮਣੀ ਅਕਾਲੀ ਦਲ ਦੇ ਆਗੂਆਂ ਮਾਸਟਰ ਹਰਦੇਵਸਿੰਘ ਜਵੰਧਾ, ਗਮਦੂਰ ਸਿੰਘ ਜਵੰਧਾ, ਸਰਪੰਚ ਸੁਖਪਾਲ ਸਰਮਾ ਭੱਦਲਵੱਡ, ਜਸਵੰਤਸਿੰਘਭੱਠਲ, ਸਰਪੰਚ ਧਰਮਿੰਦਰ ਸਿੰਘ ਕੌਲਸੇੜੀ, ਗਿਆਨ ਸਿੰਘ ਬਾਵਾ, ਹਰਿੰਦਰ ਸਿੰਘ ਪਲਾਸੌਰ, ਸੁਖਦੇਵ ਸਿੰਘ ਧਨੇਸਰ, ਮਨਵਿੰਦਰ ਸਿੰਘ ਬਿਨਰ, ਸੁਖਦੇਵ ਸਿੰਘ ਘਨੌਰ ਜਥੇਦਾਰ ਅਜਮੇਰ ਸਿੰਘ ਘਨੌਰੀ ਕਲਾਂ, ਗੁਰਵਿੰਦਰ ਸਿੰਘ ਗੋਗੀ, ਗੁਰਮੀਤ ਸਿੰਘ ਬਰੜਵਾਲ ਨੇ ਡੂੰਘਾ ਦੁੱਖ ਅਤੇ ਅਫਸੋਸ ਪ੍ਰਗਟ ਕੀਤਾ ਹੈ। ਆਗੂਆਂ ਨੇ ਕਿਹਾ ਕਿ ਬੀਬਾ ਗੁਰਮਨ ਕੌਰ ਦਾ ਸਦੀਵੀ ਵਿਛੋੜਾ ਬੇਹੱਦ ਦੁੱਖਦਾਈ ਅਤੇ ਨਾ ਸਹਿਣਯੋਗ ਹੈ। ਅਕਾਲ ਪੁਰਖ ਵਾਹਿਗੁਰੂ ਇਸ ਦੁੱਖ ਦੀ ਘੜੀ ਵਿੱਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਪਰਿਵਾਰ ਨੂੰ ਭਾਣੇ ਨੂੰ ਮਿੱਠਾ ਕਰਕੇ ਮੰਨਣ ਦੀ ਤਾਕਤ ਬਖਸਿੱਸ ਕਰਨ ।

# ਬਲਾਕ ਸੰਮਤੀ ਹਲਕਾ ਧਰਦਿਉ ਚੋਂ ਧਰਦਿਉ ਸਰਦਾਰਾਂ ਪੰਚਾਇਤ ਨੂੰ ਕੱਢਿਆ ਬਾਹਰ




ਚੌਂਕ ਮਹਿਤਾ, 25 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਨਜ਼ਦੀਕੀ ਪਿੰਡ ਧਰਦਿਉ ਵਿਖੇ ਇੱਕ ਨਵਾਂ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਬਲਾਕ ਸੰਮਤੀ ਹਲਕਾ ਧਰਦਿਉ ਅੰਦਰ ਅਤੀਤ ਵਿਚ 3 ਪੰਚਾਇਤਾਂ ਸ਼ਾਮਿਲ ਹੁੰਦੀਆਂ ਸਨ, ਜਿਨ੍ਹਾਂ ਦੇ ਵਿੱਚੋਂ ਇਸ ਵਾਰ ਗ੍ਰਾਮ ਪੰਚਾਇਤ ਧਰਦਿਉ ਸਰਦਾਰਾਂ ਨੂੰ ਵੱਖ ਕਰਕੇ 4 ਕਿਲੋਮੀਟਰ ਦੀ ਦੂਰੀ ਤੇ ਸਥਿਤ ਪਿੰਡ ਗੱਗੜਭਾਣਾ ਦੀ ਗ੍ਰਾਮ ਪੰਚਾਇਤ ਨੂੰ ਸ਼ਾਮਿਲ ਕਰ ਲਿਆ ਗਿਆ ਹੈ।

ਇਸ ਮਾਮਲੇ ਬਾਰੇ ਮਨਦੀਪ ਸਿੰਘ ਧਰਦਿਉ ਨੇ ਜਾਣਕਾਰੀ ਸਾਂਝੀ ਕਰਦਿਆਂ ਆਖਿਆ ਕਿ ਸਰਕਾਰ ਆਪਣੇ ਸੰਭਾਵੀ ਉਮੀਦਵਾਰ ਨੂੰ ਬਲਾਕ ਸੰਮਤੀ ਚੋਣਾਂ ਵਿੱਚ ਜਿੱਤਵਾਉਣ ਲਈ ਸਾਡੇ ਪਿੰਡ ਦੇ ਟੋਟੇ ਕਰ ਰਹੀ ਹੈ, ਸਰਕਾਰ ਵੱਲੋਂ ਪਿੰਡ ਨੂੰ ਪਾੜਨ ਦੀ ਇਸ ਹਰਕਤ ਕਾਰਨ ਪਿੰਡ ਵਾਸੀਆਂ ਵਿੱਚ ਸਰਕਾਰ ਪ੍ਰਤੀ ਵੱਡਾ ਰੋਸ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਗ੍ਰਾਮ ਪੰਚਾਇਤ ਧਰਦਿਉ ਸਰਦਾਰਾਂ ਵੱਲੋਂ ਗ੍ਰਾਮ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾ ਕੇ ਸਰਕਾਰ ਵੱਲੋ ਬਣਾਈ ਗਈ ਗ਼ਲਤ ਹੱਦਬੰਦੀ ਨੂੰ ਰੱਦ ਕਰਕੇ ਡਾਇਰੈਕਰ ਪੰਚਾਇਤੀ ਰਾਜ ਨੂੰ ਅਗਲੇਰੀ ਕਾਰਵਾਈ ਹਿੱਤ ਭੇਜ ਦਿੱਤਾ ਗਿਆ ਹੈ। ਸਭਾ ਦੌਰਾਨ ਸਭਾਪਤੀ ਲਖਵਿੰਦਰ ਸਿੰਘ ਵੱਲੋ ਗ੍ਰਾਮ ਸਭਾ ਦੇ ਮੈਬਰਾਂ ਤੋ ਉਨ੍ਹਾਂ ਦੀ ਰਾਏ ਮੰਗੀ ਗਈ ਤਾਂ ਜੁਆਬ ਵਿਚ 100 ਫੀਸਦੀ ਮੈਂਬਰਾਂ ਨੇ ਸਰਕਾਰ ਵੱਲੋਂ ਕੀਤੀ ਭੰਨਤੋੜ ਨੂੰ ਰੱਦ ਕਰਕੇ ਪਿੰਡ ਨੂੰ ਮੁੜ ਇਕਮੁੱਠ ਕਰਨ ਲਈ ਦੋਵੇਂ ਬਾਹਵਾਂ ਖੜ੍ਹੀਆਂ ਕਰਕੇ ਸਰਬਸੰਮਤੀ ਨਾਲ ਮਤਾ ਪਾਸ ਕਰ ਦਿੱਤਾ ਗਿਆ। ਮਨਦੀਪ ਸਿੰਘ ਧਰਦਿਉ ਨੇ ਸਭਾ ਮੈਂਬਰਾਂ ਦਾ ਹਵਾਲਾ ਦਿੰਦਿਆਂ ਆਖਿਆ ਕਿ ਅਸੀਂ ਲੋੜ ਪੈਣ ਤੇ ਨਿਆਂਪਾਲਿਕਾ ਦਾ ਬੂਹਾ ਵੀ ਖੜਕਾਵਾਂਗੇ ਅਤੇ ਨਾਲ ਦੀ ਨਾਲ ਤਿੱਖਾ ਸੰਘਰਸ਼ ਵੀ ਵਿੱਢਿਆ ਜਾਵੇਗਾ।

**25 ਅਗਸਤ 1977 ਅੱਜ ਦੇ ਦਿਨ**

# ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਟਕਸਾਲ ਮੁਖੀ ਵਜੋਂ ਦਸਤਾਰਬੰਦੀ ਹੋਈ ਸੀ




16 ਅਗਸਤ 1977 ਨੂੰ ਸੰਤ ਗਿਆਨੀ ਕਰਤਾਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਤੋਂ ਬਾਅਦ ਦਮਦਮੀ ਟਕਸਾਲ ਦੇ ਮੁਖੀ ਦੀ ਚੋਣ ਵਾਸਤੇ ਮੀਟਿੰਗ ਹੋਈ ਇਸ ਚ ਬਾਬਾ ਠਾਕੁਰ ਸਿੰਘ ਜੀ ਤੇ ਹੋਰ ਕਈ ਸਿੰਘਾਂ ਨੇ ਜਰਨੈਲ ਸਿੰਘ ਜੀ ਦਾ ਨਾਮ ਲਿਆ ਭਾਈ ਜਰਨੈਲ ਸਿੰਘ ਜੀ ਨੇ ਇਸ ਜ਼ਿੰਮੇਵਾਰੀ ਤੋਂ ਨਾਂਹ ਕੀਤੀ ਤੇ ਕਿਹਾ ਮੈਂ ਇਸ ਪਦ ਦੇ ਯੋਗ ਨਹੀ ਪਰ ਸਿੰਘਾਂ ਨੇ ਵਾਰ ਵਾਰ ਕਿਹਾ ਜਰਨੈਲ ਸਿੰਘ ਜੀ ਨਾ ਮੰਨੇ ਤੇ ਸਿੰਘਾਂ ਨੇ ਕਿਹਾ ਕਿ ਪੰਜ ਪਿਆਰਿਆਂ ਦੇ ਰੂਪ 'ਚ ਹੁਕਮ ਕਰਾਂਗੇ ਇੰਨੀ ਗੱਲ ਸੁਣ ਕੇ ਜਰਨੈਲ ਸਿੰਘ ਜੀ ਚੁਪ ਕਰ ਗਏ

25 ਅਗਸਤ ਨੂੰ ਸੰਤ ਕਰਤਾਰ ਸਿੰਘ ਜੀ ਦਾ ਦੁਸਹਿਰਾ ਸੀ ਭੋਗ ਦੇ ਸਮੇ ਲੱਖਾਂ ਦੀ ਤਾਦਾਦ ਸੰਗਤ ਇਕੱਠੀ ਹੋਈ ਸਾਰੀਆਂ ਸੰਪਰਦਾਵਾਂ ਤੇ ਰਾਜਨੀਤਕ ਲੋਕ ਪਹੁੰਚੇ

ਹਰਪਾਲ ਸਿੰਘ ਪੰਨੂ ਲਿਖਦੇ ਨੇ ਕਿ ਬਹੁਤ ਸਾਰੇ ਲੋਕ ਤੇ ਅਸੀਂ ਇਸ ਕਰਕੇ ਖੜ੍ਹੇ ਸੀ ਕਿ ਸੁਣਿਆ ਹੈ ਜਰਨੈਲ ਸਿੰਘ ਨੂੰ ਦਸਤਾਰਬੰਦੀ ਹੋਵੇਗੀ ਉਹਨਾਂ ਆਈ ਸੰਗਤ ਦਾ ਤੇ ਸਾਰੀਆਂ ਸੰਸਥਾਵਾਂ ਦੇ ਮੁਖੀਆਂ ਲਈ ਅਖੀਰ ਤੇ ਕੁਝ ਸ਼ਬਦ ਧੰਨਵਾਦ ਦੇ ਤੇ ਸ਼ਰਧਾਂਜਲੀ ਦੇ ਕਹਿਣੇ ਪੈਣਗੇ ਪਰ ਜਰਨੈਲ ਸਿੰਘ ਕਦੇ ਬੋਲਿਆ ਨਹੀਂ ਬਿਨਾਂ ਅਭਿਆਸ ਤੋਂ ਕਿਵੇਂ ਬੋਲੇਗਾ ਵੇਖਦਿਆਂ #ਕੀ..ਤਮਾਸ਼ਾ..ਹੁੰਦਾ

ਦਸਤਾਰਬੰਦੀ ਹੋਈ ਸਾਰਿਆਂ ਨੇ ਸ਼ਰਧਾਂਜਲੀਆਂ ਦਿੱਤੀਆਂ ਨਵੇ ਮੁਖੀ ਦੀ ਚੜਦੀਕਲਾ ਲਈ ਕਾਮਨਾ ਕੀਤੀ ਉਸ ਵੇਲੇ ਪੰਜਾਬ ਚ ਸਰਕਾਰ ਅਕਾਲੀ ਦਲ ਬਾਦਲ ਦੀ ਸੀ ਮੁੱਖ ਮੰਤਰੀ ਬਾਦਲ ਵੀ ਪਹੁੰਚਿਆ ਸੀ ਸੰਤਾਂ ਨੂੰ ਸ਼ਰਧਾਂਜਲੀ ਦੇਣ ਤੋਂ ਬਾਅਦ ਬਾਦਲ ਨੇ ਕਿਹਾ ਜਰਨੈਲ ਸਿੰਘ ਦੇ ਉੱਪਰ ਇਸ ਵੇਲੇ ਵੱਡੀ ਜ਼ਿੰਮੇਵਾਰੀ ਹੈ ਆਸ ਹੈ ਉ ਇਸ ਜ਼ਿੰਮੇਵਾਰੀ ਨੂੰ ਤਨੋ ਮਨੋ ਨਿਭਾਉਣਗੇ ਟਕਸਾਲ ਦੀ ਕੋਈ ਵੀ ਮੰਗ ਹੋਵੇ ਉਹ ਮੰਗੇ ਜੋ ਵੀ #ਟਕਸਾਲ..ਦੀ..ਮੰਗ..ਹੋਵੇਗੀ ਮੈਂ ਹੁਣੇ ਇੱਥੋਂ ਐਲਾਨ ਕਰਕੇ ਜਾਵਾਂਗਾ

ਅਖੀਰ ਤੇ ਸੰਤ ਜਰਨੈਲ ਸਿੰਘ ਉਠੇ ਸਤਿਗੁਰਾਂ ਨੂੰ ਮੱਥਾ ਟੇਕ ਕੇ ਮਾਈਕ ਤੇ ਆਏ ਹੱਥ ਜੋੜ ਕੇ ਸਾਰਿਆਂ ਨੂੰ ਫਤਹਿ ਬੁਲਾਈ ਸ਼ੁਕਰਾਨੇ ਦੇ ਸ਼ਬਦ ਕਹੇ ਸੰਗਤ ਕੋਲੋਂ ਅਸੀਸਾਂ ਦੀ ਕਾਮਨਾ ਕੀਤੀ ਹੱਥ ਚ ਕੋਈ ਕਾਗਜ਼ ਨਹੀਂ ਕੋਈ ਲਿਖਤ ਨਹੀਂ ਸੀ ਜਿਸ ਤੇ ਨਾਮ ਲਿਖੇ ਹੋਣ ਪਰ ਕੋਈ ਜਥੇਬੰਦੀ ਸੰਪਰਦਾ ਕੋਈ ਰਾਜਨੀਤਕ ਪਾਰਟੀ ਐਸੀ ਨਹੀਂ ਹੋਣੀ ਜਿਨ੍ਹਾਂ ਦਾ ਨਾਮ ਨਾ ਲਿਆ ਹੋਵੇ ਜਿਨ੍ਹਾਂ ਦਸ ਧੰਨਵਾਦ ਨਾ ਕੀਤਾ ਹੋਵੇ ਇੱਕ ਇੱਕ ਸ਼ਬਦ ਕੌਡੀਆਂ ਦੀ ਟੁਣਕਾਰ ਵਾਂਗ ਸਪਸ਼ਟ ਤੇ ਸਾਫ਼ ਸੀ

ਇੱਕ ਵੀ ਸ਼ਬਦ ਦੀ ਬਣਤਰ ਬਦਲੀ ਨਹੀ ਕੋਈ ਸਬਦ ਭੁਲੇ ਨੀ ਕੋਈ ਸ਼ਬਦ ਦੁਬਾਰਾ ਨਹੀਂ ਵਰਤਿਆ

ਅਖੀਰ ਤੇ ਗੱਲ ਆ ਗਈ ਪੰਜਾਬ ਸਰਕਾਰ ਦੀ ਬਾਦਲ ਦਾ ਸ਼ੁਕਰਾਨਾ ਤਾਂ ਕੀਤਾ ਪਰ ਨਾਲ ਹੀ ਬੋਲੇ ਕਿ ਬਾਦਲ ਸਾਹਿਬ ਨੇ ਕਿਹਾ ਹੈ ਟਕਸਾਲ ਜੋ ਮੰਗੇ ਗੀ ਦਿਆਗੇ ....

ਇਸ ਬਾਰੇ ਮੈਂ ਅਰਜ਼ ਕਰਨੀ ਚਾਹੁੰਦਾ ਹਾਂ ਏ ਦਮਦਮੀ ਟਕਸਾਲ ਕੋਈ ਮੰਗਤਿਆਂ ਦੀ ਟਕਸਾਲ ਨਹੀਂ ਏ ਦਸਵੇਂ ਪਾਤਸ਼ਾਹ ਦੀ ਚਲਾਈ ਹੋਈ ਟਕਸਾਲ ਹੈ ਇਸ ਦੀ ਸੇਵਾ ਲਈ ਸਾਡੇ ਵਰਗੇ ਕਈ ਆਏ ਤੇ ਕਈ ਆਉਂਦੇ ਰਹਿਣਗੇ ਸਾਡਾ ਦਾਤਾ ਉਹੀ ਇੱਕੋ ਹੈ ਸਾਡੇ ਪਿਤਾ ਨੇ ਸਾਨੂੰ ਇੰਨਾ ਕੁਝ ਦਿੱਤਾ ਹੈ ਕਿ ਬੋਲਾਂ ਰਾਹੀਂ ਦੱਸ ਨਹੀਂ ਹੁੰਦਾ ਬਾਦਲ ਸਾਬ੍ਹ ਇੱਥੋਂ ਟਕਸਾਲ ਪਾਸੋਂ ਮੰਗਣ ਮੈਂ ਹੁਣੇ ਪੂਰਤੀ ਕਰਨ ਦਾ ਐਲਾਨ ਕਰਾਂਗਾ

ਇੰਨਾ ਸੁਣਦਿਆਂ ਸੰਗਤ ਦੇ ਵਿੱਚੋ ਇੱਕ ਲਹਿਰ ਜਿਹੀ ਲੰਘਦੀ ਪ੍ਰਤੀਤ ਹੋਈ ਪੱਤਰਕਾਰਾਂ ਦੀਆਂ ਕਲਮਾਂ ਨੇ ਤੇਜ਼ੀ ਫੜੀ ਕੈਮਰੇ ਹਰਕਤ ਚ ਆਏ ਸਮਾਪਤੀ ਤੋਂ ਬਾਅਦ ਪ੍ਰਸ਼ਾਦਾ ਛਕਿਆ ਸਾਰਿਆਂ ਨੂੰ ਅਹਿਸਾਸ ਹੋਇਆ ਕਿ ਅੱਜ ਜਿਸ ਨੂੰ ਦਸਤਾਰਬੰਦੀ ਹੋਈ ਹੈ ਇਹ ਜਰਨੈਲ ਸਿੰਘ ਕੋਈ #ਆਮ..ਬੰਦਾ..ਨਹੀਂ ਇਹ ਵੀ ਸੁਣਿਆ ਸੀ ਕਿ ਬਾਦਲ ਨੇ ਸ਼ਾਮ ਨੂੰ ਮੁਲਾਕਾਤ ਦੇ ਲਈ ਸਮਾਂ ਮੰਗਿਆ ਤੇ ਸੰਤਾਂ ਨੇ ਟਾਲ ਦਿੱਤਾ

ਗੁਰੂ ਹੁਕਮ ....
ਸੇਵਕ ਕਉ ਸੇਵਾ ਬਨਿ ਆਈ ॥
ਹੁਕਮੁ ਬੂਝਿ ਪਰਮਪਦੁ ਪਾਈ ॥
ਅਨੁਸਾਰ

ਇਸ ਤਰ੍ਹਾਂ 25 ਅਗਸਤ 1977 ਨੂੰ ਸੰਤ ਜਰਨੈਲ ਸਿੰਘ ਜੀ ਨੂੰ ਟਕਸਾਲ ਦਸਤਾਰਬੰਦੀ ਹੋਈ

**-ਮੇਜਰ ਸਿੰਘ**

## ਸਿੱਖ ਧਰਮ ਅਤੇ ਗੁਰਬਾਣੀ ਦੇ ਉੱਘੇ ਪ੍ਰਚਾਰਕ ਅਤੇ ਰਾੜਾ ਸਾਹਿਬ ਸੰਪਰਦਾਇ ਦੇ ਮੌਜੂਦਾ ਮੁਖੀ

# ਸੰਤ ਬਾਬਾ ਬਲਜਿੰਦਰ ਸਿੰਘ ਜੀ ਦੇ ਅਕਾਲ ਚਲਾਣੇ ਦੀ ਖ਼ਬਰ ਦੁਖਦਾਈ : ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਸੰਤ ਬਲਜਿੰਦਰ ਸਿੰਘ ਨੇ ਜਿਥੇ ਪ੍ਰੰਪਰਿਕ ਢੰਗ ਨਾਲ ਦੇਸ਼ ਵਿਦੇਸ਼ ਅੰਦਰ ਸਿੱਖੀ ਦਾ ਪ੍ਰਚਾਰ ਪ੍ਰਸਾਰ ਕੀਤਾ







**ਚੌਕ ਮਹਿਤਾ, 25 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੰਪ੍ਰਦਾਇ ਰਾੜਾ ਸਾਹਿਬ ਜੀ ਦੇ ਮੁਖੀ ਬਹੁਤ ਹੀ ਸਤਿਕਾਰਯੋਗ ਮਹਾਂਪੁਰਖ ਸੰਤ ਬਾਬਾ ਬਲਜਿੰਦਰ ਸਿੰਘ ਜੀ ਰਾੜਾ ਸਾਹਿਬ ਵਾਲੇ ਅੱਜ ਮਿਤੀ 25 ਅਗਸਤ 2025 ਨੂੰ ਪੰਜ ਭੂਤਕ ਸਰੀਰ ਤਿਆਗਕੇ ਅਕਾਲ ਪੁਰਖ ਪ੍ਰਮਾਤਮਾ ਦੇ ਚਰਨਾਂ 'ਚ ਜਾ ਬਿਰਾਜੇ ਹਨ।

ਇਸ ਮੌਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਨੇ ਕਿਹਾ ਕਿ ਸੰਤ ਬਲਜਿੰਦਰ ਸਿੰਘ ਨੇ ਜਿਥੇ ਪ੍ਰੰਪਰਿਕ ਢੰਗ ਨਾਲ ਦੇਸ਼ ਵਿਦੇਸ਼ ਅੰਦਰ ਸਿੱਖੀ ਦਾ ਪ੍ਰਚਾਰ ਪ੍ਰਸਾਰ ਕੀਤਾ, ਉਥੇ ਹੀ ਉਨ੍ਹਾਂ ਵੱਲੋਂ ਗੁਰਬਾਣੀ ਨੂੰ ਡਿਜੀਟਲ ਮਾਧਿਅਮ ਰਾਹੀਂ ਸੰਗਤਾਂ ਤੱਕ ਪਹੁੰਚਾਉਣ ਲਈ ਤਿਆਰ ਕੀਤਾ ਈਸ਼ਰ ਮਾਈਕਰੋ ਮੀਡੀਆ ਕੌਮ ਲਈ ਵੱਡੀ ਦੇਣ ਹੈ। ਉਨ੍ਹਾਂ ਦੇ ਇਸ ਉਪਰਾਲੇ ਦਾ ਕੇਵਲ ਗੁਰਬਾਣੀ ਅਤੇ ਇਤਿਹਾਸ ਦੇ ਖੋਜੀ ਹੀ ਲਾਹਾ ਨਹੀਂ ਲੈ ਰਹੇ, ਸਗੋਂ ਆਮ ਸਿੱਖ ਸੰਗਤਾਂ ਵੀ ਇਸ ਦੀ ਵਰਤੋਂ ਕਰਕੇ ਗੁਰਬਾਣੀ ਅਤੇ ਗੁਰਮਤਿ ਨਾਲ ਜੁੜ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਹਾਂਪੁਰਸ਼ਾਂ ਦੇ ਜਾਣ ਨਾਲ ਸਮੁੱਚੇ ਸੰਤ ਸਮਾਜ ਅਤੇ ਸੰਪ੍ਰਦਾਇ ਰਾੜਾ ਸਾਹਿਬ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਸਤਿਗੁਰੂ ਸਾਹਿਬ ਜੀ ਕਿਰਪਾ ਕਰਨ ਮਹਾਂਪੁਰਸ਼ਾਂ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਅਤੇ ਸਮੁੱਚੇ ਪੰਥ ਨੂੰ ਅਤੇ ਸੰਪ੍ਰਦਾਇ ਰਾੜਾ ਸਾਹਿਬ ਜੀ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ••

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਵਿਚਾਰ ਸਾਂਝੇ ਕੀਤੇ








ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ "ਵਿਸ਼ੇਸ਼ ਗੁਰਮਤਿ ਸਮਾਗਮ" ਗੁਰਦੁਆਰਾ ਸਾਹਿਬ ਟਾਹਲੀ ਵਾਲਾ ਵਿਸ਼ਨੂੰ ਗਾਰਡਨ ਦਿੱਲੀ ਵਿਖੇ ਸੰਤ ਬਾਬਾ ਸਤਵਿੰਦਰ ਸਿੰਘ ਟਾਹਲੀ ਸਾਹਿਬ ਵਾਲਿਆ ਦੇ ਉਪਰਾਲੇ ਨਾਲ ਕਰਵਾਏ ਗਏ ਸਮਾਗਮ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਵਿਚਾਰ ਸਾਂਝੇ ਕੀਤੇ ਸੰਤ ਮਹਾਂਪੁਰਸ਼ਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ELAHI KIRTAN
ELAHI KIRTAN
PRESENTS
ਅਬ ਰਾਖਹ
ਦਾਸ ਭਾਟ ਕੀ ਲਾਜ॥
AB RAKHO DAS BHAT KI LAAJ
VOCALIST - BHAI HARPREET SINGH ( SRI AMRITSAR SAHIB WALE )
UK +447448716431 INDIA +918198042308
MUSIC & MIX MASTER - THE REAL TUNE STUDIOS DIGITAL - MJ PROMOTORS
ART WORK-SS.KMEDIAWORKS
ਆਵਾਜ਼ਿ ਕੌਮ
AWAZE QAUM
International Newspaper & WEB TV

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਮੋਤੀ ਬਾਗ ਸਾਹਿਬ ਦਿੱਲੀ ਵਿਖੇ

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ

**ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੂੰ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ**
























ਆਵਾਜ਼ਿ ਕੌਮ AWAZE QAUM International Newspaper & WEB TV



ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਮੋਤੀ ਬਾਗ ਸਾਹਿਬ ਦਿੱਲੀ ਵਿਖੇ ਕਰਵਾਏ ਗਏ ਇਸ ਸਮੇਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ,ਬਾਬਾ ਬਚਨ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ,ਸਰਦਾਰ ਜਗਦੀਪ ਸਿੰਘ ਕਾਹਲੋਂ ਜਰਨਲ ਸਕੱਤਰ,ਸਰਦਾਰ ਆਤਮਾ ਸਿੰਘ ਲੁਬਾਣਾ ਮੀਤ ਪ੍ਰਧਾਨ,ਸਿੰਘ ਸਾਹਿਬ ਗਿਆਨੀ ਰਜਿੰਦਰ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਮੋਤੀ ਬਾਗ,ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ,ਸਰਦਾਰ ਇੰਦਰਜੀਤ ਸਿੰਘ ਮੌਂਟੀ ਮੈਂਬਰ, ਸਰਦਾਰ ਪਰਮਜੀਤ ਸਿੰਘ ਚੰਡੋਕ ਮੈਂਬਰ,ਸਰਦਾਰ ਸਤਨਾਮ ਸਿੰਘ ਖੀਵਾ ਮੈਂਬਰ,ਸਰਦਾਰ ਗੁਰਪ੍ਰਸਾਦਿ ਸਿੰਘ ਫਰੀਦਾਬਾਦ ਸਾਬਕਾ ਅੰਤ੍ਰਿੰਗ ਮੈਂਬਰ ਹਰਿਆਣਾ ਕਮੇਟੀ ਜੀ ਵੱਲੋਂ ਗੁਰਬਾਣੀ ਗੁਰਇਤਿਹਾਸ ਦੁਆਰਾ ਗੁਰੂ ਚਰਨਾਂ ਨਾਲ ਜੋੜਿਆ,ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ,ਗੁਰੂ ਕਾ ਲੰਗਰ ਅਤੁੱਟ ਵਰਤਿਆ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)